ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ਨੀਵਾਰ, 13 ਦਸੰਬਰ 2025 (ਨਾਨਕਸ਼ਾਹੀ ਸੰਮਤ : ੫੫੭, ੨੮ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਨਾਭਾ 'ਚ 'ਆਪ' ਵਿਧਾਇਕ ਦੇਵ ਮਾਨ ਦੇ ਜਲਸੇ ਦੌਰਾਨ ਹੰਗਾਮਾ; ਲੋਕਾਂ ਨੂੰ ਸਵਾਲ ਕਰਨੇ ਪਏ ਮਹਿੰਗੇ

**ਪਟਿਆਲਾ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਬੀਤੀ ਰਾਤ ਨਾਭਾ ਦੇ ਪਿੰਡ ਕਮੇਲੀ ਵਿਖੇ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵਮਾਨ ਦੇ ਚੋਣ ਜਲਸੇ ਵਿੱਚ ਇੱਕ ਗਰੀਬ ਵਿਅਕਤੀ ਨੂੰ ਵਿਧਾਇਕ ਤੋਂ ਸਵਾਲ ਕਰਨਾ ਮਹਿੰਗਾ ਪੈ ਗਿਆ। ਜਾਣਕਾਰੀ ਅਨੁਸਾਰ ਜਦੋਂ ਵਿਧਾਇਕ ਕੱਚੇ ਘਰਾਂ ਦੇ ਲੋਕਾਂ ਨੂੰ ਫਾਇਦਾ ਪਹੁੰਚਾਉਣ ਦੇ ਦਾਅਵੇ ਕਰ ਰਹੇ ਸਨ ਤਾਂ ਪਿੰਡ ਦਾ ਇੱਕ ਗਰੀਬ ਵਿਅਕਤੀ ਖੜਾ ਹੋਇਆ ਜਿਸ ਨੇ ਚੋਣ ਜਲਸੇ ਦੌਰਾਨ ਹੀ ਕਿਹਾ ਕਿ ਉਸ ਦਾ ਘਰ ਮੀਂਹ ਦੌਰਾਨ ਡਿੱਗ ਗਿਆ ਸੀ ਜਿਸ ਨੂੰ ਲੈ ਕੇ ਉਸਨੇ ਦਰ ਦਰ ਠੋਕਰਾ ਖਾਈਆਂ ਪਰ ਕਿਸੇ ਅਧਿਕਾਰੀ ਨੇ ਉਸਦੇ ਮਕਾਨ ਨੂੰ ਬਣਾਉਣ ਲਈ ਕੋਈ ਮਦਦ ਨਹੀਂ ਕੀਤੀ ਜਿਸ ਕਰਕੇ ਉਧਾਰ ਦੇ ਪੈਸਿਆਂ ਨਾਲ ਉਸਨੇ ਆਪਣਾ ਮਕਾਨ ਬਣਾਇਆ। ਇਸ ਤੋਂ ਬਾਅਦ ਹੋਰ ਪਿੰਡ ਨਿਵਾਸੀਆਂ ਨੇ ਵੀ ਵਿਧਾਇਕ ਨੂੰ ਕੰਮਾਂ ਸਬੰਧੀ ਸਵਾਲ ਕਰਨੇ ਸ਼ੁਰੂ ਕੀਤੇ ਤਾਂ ਵਿਧਾਇਕ ਦੇ ਸਾਹਮਣੇ ਹੀ ਆਮ ਆਦਮੀ ਪਾਰਟੀ ਦੇ ਸਮਰਥਕ ਅਤੇ ਸਵਾਲ ਪੁੱਛਣ ਵਾਲੇ ਲੋਕਾਂ ਵਿੱਚ ਲੜਾਈ ਹੋ ਗਈ। ਇਸ ਤੋਂ ਬਾਅਦ ਭਾਰੀ ਪੁਲਿਸ ਫੋਰਸ ਬੀਤੀ ਰਾਤ ਪਿੰਡ ਕਮੇਲੀ ਪਹੁੰਚੀ ਜਿੱਥੇ ਲੋਕਾਂ ਨੂੰ ਡਰਾਇਆ ਗਿਆ। ਦੱਸ ਦਈਏ ਕਿ ਪੀੜਤ ਕੱਚੇ ਮਕਾਨ ਵਾਲਾ ਵਿਅਕਤੀ ਵੀ ਘਰੋਂ ਫਰਾਰ ਹੈ ਕਿਉਂਕਿ ਉਸ ਦੇ ਘਰ ਵੀ ਪੁਲਿਸ ਨੇ ਰੇਡ ਕੀਤੀ। ਦੂਜੇ ਪਾਸੇ ਪਿੰਡ ਵਾਸੀ ਵੀ ਡਰੇ ਹੋਏ ਹਨ। ਇਸ ਤੋਂ ਇਲਾਵਾ ਵਿਧਾਇਕ ਅਤੇ ਪੁਲਿਸ ਵੱਲੋਂ ਲੋਕਾਂ ਦੇ ਮੋਬਾਈਲ ਫੋਨ ਖੋਹਣ ਦੀ ਜਾਣਕਾਰੀ ਹੈ।

# ਅੰਮ੍ਰਿਤਸਰ ਦੇ 15 ਦੇ ਕਰੀਬ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ, ਅਲਰਟ 'ਤੇ ਪ੍ਰਸ਼ਾਸਨ

**ਅੰਮ੍ਰਿਤਸਰ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਕਈ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਜਿਸ ਤੋਂ ਬਾਅਦ ਸਕੂਲਾਂ ਦੀ ਛੁੱਟੀ ਕਰ ਦਿੱਤੀ ਗਈ। ਮਿਲੀ ਜਾਣਕਾਰੀ ਮੁਤਾਬਿਕ ਸਕੂਲਾਂ ਨੂੰ ਸ਼ੱਕੀ ਈਮੇਲ ਆਈ ਹੈ ਜਿਸ 'ਤੇ ਸਕੂਲ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦਿੱਤੀ ਗਈ ਹੈ। ਇਸ ਈਮੇਲ ਤੋਂ ਬਾਅਦ ਸਕੂਲਾਂ 'ਚ ਹੜਕੰਪ ਮਚ ਗਿਆ। ਦੱਸਦਈਏ ਕਿ ਅੰਮ੍ਰਿਤਸਰ ਦੇ 15 ਮਸ਼ਹੂਰ ਪ੍ਰਾਈਵੇਟ ਸਕੂਲਾਂ ਨੂੰ ਬੰਬ ਦੀ ਧਮਕੀ ਮਿਲਣ ਤੋਂ ਬਾਅਦ, ਡਿਪਟੀ ਕਮਿਸ਼ਨਰ (ਡੀ.ਸੀ.) ਦੇ ਹੁਕਮਾਂ 'ਤੇ ਸਾਰੇ ਸਕੂਲਾਂ ਨੂੰ ਬੰਦ ਕਰਨ ਦਾ ਐਲਾਨ ਕਰ ਦਿੱਤਾ ਗਿਆ ਹੈ। ਇਹ ਧਮਕੀ ਸਕੂਲ ਪ੍ਰਬੰਧਨ ਨੂੰ ਈਮੇਲ ਰਾਹੀਂ ਭੇਜੀ ਗਈ ਸੀ। ਇਸ ਤੋਂ ਬਾਅਦ, ਸਕੂਲ ਪ੍ਰਬੰਧਨ ਨੇ ਤੁਰੰਤ ਅੰਮ੍ਰਿਤਸਰ ਪੁਲਿਸ ਨੂੰ ਸੂਚਿਤ ਕੀਤਾ। ਬੱਚਿਆਂ ਦੇ ਮਾਪਿਆਂ ਨੂੰ ਵੀ ਆਪਣੇ ਬੱਚਿਆਂ ਨੂੰ ਤੁਰੰਤ ਸਕੂਲ ਤੋਂ ਘਰ ਲੈ ਜਾਣ ਦਾ ਸੁਨੇਹਾ ਭੇਜਿਆ ਗਿਆ। ਸਾਰੀਆਂ ਸਕੂਲ ਵੈਨਾਂ ਨੂੰ ਬੁਲਾਇਆ ਗਿਆ ਅਤੇ ਬੱਚਿਆਂ ਨੂੰ ਛੁੱਟੀ ਦੇ ਦਿੱਤੀ ਗਈ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਇਲਾਕੇ ਨੂੰ ਸੀਲ ਕਰ ਦਿੱਤਾ। ਬੰਬ ਸਕੁਐਡ ਅਤੇ ਫਾਇਰ ਬ੍ਰਿਗੇਡ ਨੂੰ ਵੀ ਮੌਕੇ 'ਤੇ ਬੁਲਾਇਆ ਗਿਆ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਵੱਲੋਂ ਜਾਣਕਾਰੀ ਸਾਂਝੀ ਕਰਦੇ ਹੋਏ ਕਿਹਾ ਕਿ ਸ਼ਹਿਰ ਅਤੇ ਪੇਂਡੂ ਪੱਟੀ ਦੇ ਕੁਝ ਸਕੂਲਾਂ ਨੂੰ ਇੱਕ ਸ਼ੱਕੀ ਈਮੇਲ ਮਿਲੀ ਹੈ। ਹਰੇਕ ਸਕੂਲ ਵਿੱਚ ਇੱਕ ਗਜ਼ਿਟਡ ਅਧਿਕਾਰੀ ਤਾਇਨਾਤ ਹੈ ਅਤੇ ਟੀਮ ਵੱਲੋਂ ਜਾਂਚਾਂ ਚੱਲ ਰਹੀਆਂ ਹਨ। ਸਾਈਬਰ ਪੁਲਿਸ ਸਟੇਸ਼ਨ ਮੇਲ ਦੇ ਸਰੋਤ ਦਾ ਪਤਾ ਲਗਾ ਰਿਹਾ ਹੈ। ਪਿਛਲੇ ਸਮੇਂ ਵਿੱਚ, ਕੁਝ ਵਿਦਿਆਰਥੀਆਂ ਨੂੰ ਅਜਿਹੀ ਸ਼ਰਾਰਤ ਲਈ ਜ਼ਿੰਮੇਵਾਰ ਪਾਇਆ ਗਿਆ ਸੀ। ਉਨ੍ਹਾਂ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ, ਪੁਲਿਸ ਡਿਊਟੀ 'ਤੇ ਹੈ ਅਤੇ ਪੂਰੀ ਤਰ੍ਹਾਂ ਚੌਕਸ ਹੈ। ਪੁਲਿਸ ਅਧਿਕਾਰੀਆਂ ਅੰਮ੍ਰਿਤਸਰ ਦੇ ਡੀਸੀਪੀ ਲਾਅ ਐਂਡ ਆਰਡਰ ਆਲਮ ਵਿਜੇ ਸਿੰਘ ਵੱਲੋਂ ਸ਼ਹਿਰ ਵਾਸੀਆਂ ਨੂੰ ਸੁਰੱਖਿਆ ਦਾ ਭਰੋਸਾ ਦਿੰਦਿਆਂ ਪੈਨਿਕ ਨਾ ਹੋਣ ਦੀ ਅਪੀਲ ਕੀਤੀ ਗਈ ਇਸ ਦੌਰਾਨ ਸੁਰੱਖਿਆ ਦੇ ਮੱਦੇਨਜ਼ਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੇ ਸਾਰੇ ਸਕੂਲ ਪ੍ਰਾਈਵੇਟ ਜਾਂ ਸਰਕਾਰੀ ਸਾਰੇ ਸਕੂਲਾਂ ਨੂੰ ਅੱਜ ਬੰਦ ਕਰਕੇ ਬੱਚਿਆਂ ਨੂੰ ਘਰਾਂ ਨੂੰ ਭੇਜਣ ਦਾ ਆਦੇਸ਼ ਜਾਰੀ ਕੀਤਾ ਗਿਆ ਹੈ।




## ਪੰਜਾਬ ਦੇ ਪਾਣੀ 'ਚ ਵਧਿਆ ਯੂਰੇਨੀਅਮ ਤੇ ਆਰਸੈਨਿਕ ਦਾ ਪੱਧਰ ! ਸੈਂਟਰਲ ਗਰਾਊਂਡ ਵਾਟਰ ਬੋਰਡ ਦੀ ਰਿਪੋਰਟ 'ਚ ਖੁਲਾਸਾ

**ਚੰਡੀਗੜ੍ਹ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਵਿੱਚ ਪਾਣੀ ਦਾ ਸੰਕਟ ਡੂੰਘਾ ਹੁੰਦਾ ਜਾ ਰਿਹਾ ਹੈ। ਇਹ ਸਮੱਸਿਆ ਗੰਭੀਰ ਹੁੰਦੀ ਜਾ ਰਹੀ ਹੈ। ਇਸ ਦੇ ਨਾਲ ਹੀ, ਧਰਤੀ ਹੇਠਲੇ ਪਾਣੀ ਵਿੱਚ ਕਈ ਅਜਿਹੇ ਤੱਤ ਪਾਏ ਗਏ ਹਨ ਜੋ ਮਿਆਰ ਤੋਂ ਵੱਧ ਹਨ। ਇਸ ਕਾਰਨ, ਇਨ੍ਹਾਂ ਦੋਵਾਂ ਰਾਜਾਂ ਵਿੱਚ ਕੈਂਸਰ ਅਤੇ ਗੁਰਦੇ ਦੇ ਮਰੀਜ਼ਾਂ ਦੀ ਗਿਣਤੀ ਤੇਜ਼ੀ ਨਾਲ ਵੱਧ ਰਹੀ ਹੈ। ਇਸ ਤੋਂ ਇਲਾਵਾ ਸੈਂਟਰਲ ਗਰਾਊਂਡ ਵਾਟਰ ਬੋਰਡ ਦੀ ਰਿਪੋਰਟ 'ਚ ਇੱਕ ਹੈਰਾਨੀਜਨਕ ਖੁਲਾਸਾ ਹੋਇਆ ਹੈ। ਦੱਸ ਦਈਏ ਕਿ ਸੈਂਟਰਲ ਗਰਾਊਂਡ ਵਾਟਰ ਬੋਰਡ ਦੀ ਰਿਪੋਰਟ ਮੁਤਾਬਿਕ 32 ਸੂਬਿਆਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ 'ਚੋਂ ਪੰਜਾਬ ਦੇ ਪਾਣੀ 'ਚ ਸਭ ਤੋਂ ਵੱਧ ਯੂਰੇਨੀਅਮ ਪਾਇਆ ਗਿਆ ਹੈ। ਇਨ੍ਹਾਂ ਹੀ ਨਹੀਂ ਆਰਸੈਨਿਕ ਦੀ ਮਾਤਰਾ ਪੱਖੋਂ ਵੀ ਪੰਜਾਬ ਪੂਰੇ ਦੇਸ਼ 'ਚ ਦੂਜੇ ਨੰਬਰ 'ਤੇ ਆਇਆ ਹੈ। ਇਸ ਤੋਂ ਇਲਾਵਾ ਯੂਰੇਨੀਅਮ ਦੀ ਮਾਤਰਾ ਦੇ ਮਾਮਲੇ 'ਚ ਦੂਜੇ ਨੰਬਰ 'ਤੇ ਹਰਿਆਣਾ ਆਇਆ ਹੈ। ਜਿਸ ਤੋਂ ਸਾਫ ਹੈ ਕਿ ਦੋਵੇਂ ਸੂਬੇ 'ਚ ਹਾਲਾਤ ਭਵਿੱਖ 'ਚ ਖਰਾਬ ਹੋ ਸਕਦੇ ਹਨ। ਕਿਉਂਕਿ ਯੂਰੇਨੀਅਮ ਤੇ ਆਰਸੈਨਿਕ ਕਾਰਨ ਕੈਂਸਰ ਵਰਗੀਆਂ ਬਿਮਾਰੀਆਂ ਫੈਲਦੀਆਂ ਹਨ।



## ਸ਼ਮਸ਼ਾਨ ਘਾਟ 'ਚ ਕਰ ਰਹੇ ਸੀ ਲਾਵਾਰਸ ਲਾਸ਼ ਦਾ ਸਸਕਾਰ, ਨਿਕਲੀ ਸ਼ਿਵ ਸੈਨਾ ਆਗੂ ਦੀ

**ਮੁਕਤਸਰ ਸਾਹਿਬ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ਼ਿਵ ਸੈਨਾ ਪੰਜਾਬ ਦੇ ਜ਼ਿਲਾ ਯੂਥ ਪ੍ਰਧਾਨ ਸ਼ਿਵ ਕੁਮਾਰ ਸ਼ਿਵਾ ਦੀ ਖ਼ੂਨ ਨਾਲ ਲੱਥਪੱਥ ਲਾਸ਼ ਮਿਲਣ ਨਾਲ ਸਨਸਨੀ ਫੈਲ ਗਈ। ਪਰਿਵਾਰ ਨੇ ਕੁਝ ਲੋਕਾਂ 'ਤੇ ਨਿੱਜੀ ਦੁਸ਼ਮਣੀ ਕਾਰਨ ਕਤਲ ਦਾ ਦੋਸ਼ ਲਗਾਇਆ ਹੈ। ਜ਼ਿਕਰਯੋਗ ਹੈ ਕਿ 6 ਦਸੰਬਰ ਨੂੰ ਪੁਲਸ ਨੂੰ ਸ਼ਹਿਰ ਦੇ ਬੁੱਢਾ ਗੁੱਜਰ ਰੋਡ 'ਤੇ ਇਕ ਨੌਜਵਾਨ ਦੀ ਲਾਸ਼ ਮਿਲੀ। ਕਈ ਦਿਨਾਂ ਤੱਕ ਲਾਸ਼ ਦੀ ਪਛਾਣ ਨਾ ਹੋਣ ਤੋਂ ਬਾਅਦ ਜਦੋਂ ਬਾਬਾ ਸ਼ਨੀਦੇਵ ਸੁਸਾਇਟੀ ਨੇ ਮ੍ਰਿਤਕ ਦਾ ਅੰਤਿਮ ਸਸਕਾਰ ਕਰਨਾ ਸ਼ੁਰੂ ਕੀਤਾ ਤਾਂ ਪਰਿਵਾਰ ਨੇ ਆਖ਼ਰਕਾਰ ਲਾਸ਼ ਨੂੰ ਸ਼ਿਵ ਸੈਨਾ ਪੰਜਾਬ ਦੇ ਜ਼ਿਲ੍ਹਾ ਯੂਥ ਪ੍ਰਧਾਨ ਸ਼ਿਵ ਕੁਮਾਰ ਸ਼ਿਵਾ ਵਜੋਂ ਪਛਾਣ ਲਿਆ।



ਇਸ ਘਟਨਾ ਦੀ ਜਾਣਕਾਰੀ ਮਿਲਦੇ ਹੀ ਸ਼ਿਵ ਸੈਨਾ ਵਰਕਰਾਂ ਵਿਚ ਗੁੱਸਾ ਫੈਲ ਗਿਆ। ਸ਼ਿਵ ਸੈਨਾ ਪੰਜਾਬ ਦੇ ਸੂਬਾ ਪ੍ਰਧਾਨ ਰਾਜੇਸ਼ ਗਰਗ ਨੇ ਦੱਸਿਆ ਕਿ 5 ਦਸੰਬਰ ਨੂੰ ਦੁਪਹਿਰ 2 ਵਜੇ ਇਕ ਨੌਜਵਾਨ ਸ਼ਿਵ ਕੁਮਾਰ ਨੂੰ ਉਸਦੇ ਘਰੋਂ ਲੈ ਗਿਆ ਸੀ। ਸ਼ਾਮ 5 ਵਜੇ ਅਚਾਨਕ ਸ਼ਿਵ ਦਾ ਮੋਬਾਈਲ ਬੰਦ ਹੋ ਗਿਆ। ਉਸਦੀ ਭਾਲ ਕੀਤੀ ਗਈ ਪਰ ਉਹ ਨਹੀਂ ਮਿਲਿਆ। ਉਨ੍ਹਾਂ ਨੇ ਘਟਨਾ ਦੀ ਸੂਚਨਾ ਪੁਲਸ ਨੂੰ ਵੀ ਦਿੱਤੀ।

ਉਧਰ ਸ੍ਰੀ ਮੁਕਤਸਰ ਸਾਹਿਬ ਪੁਲਸ ਨੇ ਵੱਡੀ ਕਾਰਵਾਈ ਕਰਦਿਆਂ ਤਿੰਨ ਨੌਜਵਾਨਾਂ ਰਮਨ, ਅੰਕੁਸ਼ ਅਤੇ ਨਿੱਕੂ ਦੇ ਖ਼ਿਲਾਫ਼ ਐੱਫ਼ਆਈਆਰ ਦਰਜ ਕਰ ਲਈ ਹੈ। ਪੁਲਸ ਮੁਤਾਬਕ, ਇਨ੍ਹਾਂ ਤਿੰਨਾਂ 'ਤੇ ਗੈਰ-ਇਰਾਦਤਨ ਕਤਲ ਦਾ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਦੌਰਾਨ ਸਾਹਮਣੇ ਆਇਆ ਕਿ ਸ਼ਿਵਾ ਕੁਮਾਰ ਨੂੰ ਜ਼ਹਿਰੀਲੀ ਚੀਜ਼ ਦਾ ਇੰਜੈਕਸ਼ਨ ਲਾ ਕੇ ਮਾਰਨ ਦਾ ਸ਼ੱਕ ਹੈ, ਜਿਸ ਨੂੰ ਧਿਆਨ ਵਿਚ ਰੱਖਦਿਆਂ ਤਿੰਨਾਂ ਨੂੰ ਨਾਮਜ਼ਦ ਕਰਕੇ ਦੋਸ਼ੀ ਬਣਾਇਆ ਗਿਆ ਹੈ। ਪੁਲਸ ਨੇ ਕਿਹਾ ਕਿ ਮਾਮਲਾ ਪੂਰੀ ਤਰ੍ਹਾਂ ਤਫਤੀਸ਼ ਹੇਠ ਹੈ ਅਤੇ ਹੋਰ ਗ੍ਰਿਫਤਾਰੀਆਂ ਜਾਂ ਖੁਲਾਸੇ ਜਲਦੀ ਸਾਹਮਣੇ ਆ ਸਕਦੇ ਹਨ।

## ਪੰਜਾਬ ਦੇ ਸਾਬਕਾ ਗਵਰਨਰ ਸ਼ਿਵਰਾਜ ਪਾਟਿਲ ਦਾ ਦੇਹਾਂਤ, ਚੰਡੀਗੜ੍ਹ ਪੰਜਾਬ ਨੂੰ ਦੇਣ ਦੇ ਹੱਕ 'ਚ ਸਨ, ਸਿਆਸੀ ਜਗਤ 'ਚ ਸੋਗ ਦੀ ਲਹਿਰ

**ਨਵੀਂ ਦਿੱਲੀ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਕੇਂਦਰੀ ਗ੍ਰਹਿ ਮੰਤਰੀ ਅਤੇ ਪੰਜਾਬ ਦੇ ਸਾਬਕਾ ਗਵਰਨਰ ਸ਼ਿਵਰਾਜ ਪਾਟਿਲ ਦਾ ਸ਼ੁੱਕਰਵਾਰ ਯਾਨੀਕਿ 12 ਦਸੰਬਰ ਨੂੰ 90 ਸਾਲ ਦੀ ਉਮਰ ਵਿੱਚ ਦੇਹਾਂਤ ਹੋ ਗਿਆ। ਉਨ੍ਹਾਂ ਨੇ ਲਾਤੂਰ ਵਿੱਚ ਸਵੇਰੇ 6.30 ਵਜੇ ਆਖ਼ਰੀ ਸਾਂਹ ਲਈ। ਸ਼ਿਵਰਾਜ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਸਨ। ਉਹ 2010 ਤੋਂ 2015 ਤੱਕ ਪੰਜਾਬ ਦੇ ਗਵਰਨਰ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਰਹੇ ਹਨ। 90 ਸਾਲਾ ਸ਼ਿਵਰਾਜ ਪਾਟਿਲ ਲੰਮੇ ਸਮੇਂ ਤੋਂ ਉਮਰ ਨਾਲ ਸਬੰਧਿਤ ਬਿਮਾਰੀਆਂ ਨਾਲ ਜੂਝ ਰਹੇ ਸਨ। ਪਰਿਵਾਰ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਦਾ ਇਲਾਜ ਘਰ 'ਚ ਹੀ ਚੱਲ ਰਿਹਾ ਸੀ। ਪਰਿਵਾਰ ਦੇ ਮੈਂਬਰਾਂ ਨੇ ਦੱਸਿਆ ਕਿ ਉਨ੍ਹਾਂ ਦੀ ਮੌਤ ਸ਼ਾਂਤੀਪੂਰਨ ਰਹੀ। ਕਾਂਗਰਸ ਨੇ ਉਨ੍ਹਾਂ ਦੇ ਦੇਹਾਂਤ ਨੂੰ ਵੱਡਾ ਘਾਟਾ ਦੱਸਿਆ ਹੈ। ਉਨ੍ਹਾਂ ਨੂੰ ਇੰਦਰਾ ਅਤੇ ਰਾਜੀਵ ਗਾਂਧੀ ਦਾ ਕਰੀਬੀ ਮੰਨਿਆ ਜਾਂਦਾ ਸੀ। ਉਨ੍ਹਾਂ ਦਾ ਅੰਤਿਮ ਸੰਸਕਾਰ ਅੱਜ ਸ਼ਾਮ ਲਾਤੂਰ ਵਿੱਚ ਹੋਵੇਗਾ, ਜਿਸ ਵਿੱਚ ਪਾਰਟੀ ਦੇ ਨਾਮੀ ਨੇਤਾ ਹਾਜ਼ਰ ਰਹਿਣਗੇ। ਪੰਜਾਬ ਕਾਂਗਰਸ ਨੇ ਪੋਸਟ ਪਾ ਕੇ ਦੁੱਖ ਜਤਾਉਂਦੇ ਹੋਏ ਲਿਖਿਆ ਹੈ- "ਪੰਜਾਬ ਦੇ ਸਾਬਕਾ ਗਵਰਨਰ ਅਤੇ ਸੀਨੀਅਰ ਕਾਂਗਰਸੀ ਆਗੂ ਸ਼੍ਰੀ ਸ਼ਿਵਰਾਜ ਪਾਟਿਲ ਜੀ ਦੇ ਦੇਹਾਂਤ ਦੀ ਖ਼ਬਰ ਬੇਹੱਦ ਦੁੱਖਦਾਈ ਹੈ। ਉਹਨਾਂ ਨੇ ਗ੍ਰਹਿ ਮੰਤਰੀ ਅਤੇ ਲੋਕ ਸਭਾ ਦੇ ਸਪੀਕਰ ਵਰਗੇ ਅਹਿਮ ਅਹੁਦਿਆਂ 'ਤੇ ਰਹਿ ਕੇ ਆਪਣੀਆਂ ਸੇਵਾਵਾਂ ਨਿਭਾਈਆਂ। ਉਨ੍ਹਾਂ ਦਾ ਦੇਸ਼ ਦੀ ਸੇਵਾ ਵਿੱਚ ਪਾਇਆ ਵਡਮੁੱਲਾ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਪ੍ਰਮਾਤਮਾ ਉਹਨਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਿਸ਼ ਕਰਨ।" ਸ਼ਿਵਰਾਜ ਪਾਟਿਲ ਦਾ ਜਨਮ 12 ਅਕਤੂਬਰ 1935 ਨੂੰ ਮਹਾਰਾਸ਼ਟਰ ਦੇ ਲਾਤੂਰ ਜ਼ਿਲ੍ਹੇ ਦੇ ਚਾਕੂਰ ਵਿੱਚ ਇੱਕ ਕਿਸਾਨ ਪਰਿਵਾਰ ਵਿੱਚ ਹੋਇਆ ਸੀ। ਉਨ੍ਹਾਂ ਨੇ ਸਾਵਿਤ੍ਰੀਬਾਈ ਫੁਲੇ ਪੁਨੇ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਅਤੇ ਲਾਅ ਦੀ ਡਿਗਰੀ ਪ੍ਰਾਪਤ ਕੀਤੀ। ਰਾਜਨੀਤੀ ਵਿੱਚ 1960 ਦੇ ਦਹਾਕੇ ਵਿੱਚ ਦਾਖ਼ਲ ਹੋਣ ਵਾਲੇ ਪਾਟਿਲ 1972 ਤੋਂ 1980 ਤੱਕ ਮਹਾਰਾਸ਼ਟਰ ਵਿਧਾਨ ਸਭਾ ਦੇ ਮੈਂਬਰ ਰਹੇ।



ਲੋਕ ਸਭਾ ਵਿੱਚ ਸਫ਼ਰ : 1980 ਵਿੱਚ ਪਹਿਲੀ ਵਾਰੀ ਲੋਕ ਸਭਾ ਪਹੁੰਚੇ। 1991 ਤੋਂ 1996 ਤੱਕ ਲੋਕ ਸਭਾ ਦੇ ਸਪੀਕਰ ਰਹੇ। ਇੰਦਰਾ ਗਾਂਧੀ ਸਰਕਾਰ ਵਿੱਚ 1980-82 ਦੌਰਾਨ ਰੱਖਿਆ ਰਾਜ ਮੰਤਰੀ ਅਤੇ 1982-84 ਦੌਰਾਨ ਕਰਮਚਾਰੀ ਰਾਜ ਮੰਤਰੀ ਰਹੇ। ਰਾਜੀਵ ਗਾਂਧੀ ਦੇ ਸਮੇਂ ਵਿੱਚ ਵਿੱਤ, ਰੱਖਿਆ ਅਤੇ ਗ੍ਰਹਿ ਰਾਜ ਮੰਤਰੀ ਰਹੇ। 2004 ਵਿੱਚ ਮਨਮੋਹਨ ਸਿੰਘ ਸਰਕਾਰ ਵਿੱਚ ਗ੍ਰਹਿ ਮੰਤਰੀ ਬਣੇ, ਪਰ 26/11 ਮੁੰਬਈ ਹਮਲਿਆਂ ਦੀ ਨੈਤਿਕ ਜ਼ਿੰਮੇਵਾਰੀ ਸਵੀਕਾਰ ਕਰਦੇ ਹੋਏ 30 ਨਵੰਬਰ 2008 ਨੂੰ ਅਸਤੀਫਾ ਦੇ ਦਿੱਤਾ। ਬਾਅਦ ਵਿੱਚ 2010 ਤੋਂ 2015 ਤੱਕ ਪੰਜਾਬ ਦੇ ਗਵਰਨਰ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਰਹੇ। ਚੰਡੀਗੜ੍ਹ ਨੂੰ ਪੰਜਾਬ ਵਿੱਚ ਸ਼ਾਮਲ ਕਰ ਦੇਣਾ ਦੀ ਗੱਲ ਆਖੀ ਸੀ ਉਨ੍ਹਾਂ ਨੇ 2012 ਵਿੱਚ ਪੰਜਾਬ ਵਿਧਾਨ ਸਭਾ ਦੇ ਆਪਣੇ ਭਾਸ਼ਣ ਦੌਰਾਨ ਕਿਹਾ ਸੀ ਕਿ ਚੰਡੀਗੜ੍ਹ ਨੂੰ ਪੰਜਾਬ ਵਿੱਚ ਸ਼ਾਮਲ ਕਰ ਦੇਣਾ ਚਾਹੀਦਾ ਹੈ। ਇਹ ਵੀ ਕਿਹਾ ਸੀ ਕਿ ਪੰਜਾਬੀ ਭਾਸ਼ਾਈ ਇਲਾਕਿਆਂ ਨੂੰ ਪੰਜਾਬ ਵਿੱਚ ਸ਼ਾਮਲ ਕਰਨ ਦੀ ਮੰਗ ਨੂੰ ਕੇਂਦਰ ਸਰਕਾਰ ਮੰਨੇ। ਪਾਟਿਲ ਨੇ ਕਿਹਾ ਸੀ ਕਿ ਕੇਂਦਰ ਰਾਜਾਂ ਦੀਆਂ ਜ਼ਰੂਰਤਾਂ ਨੂੰ ਸਮਝੇ ਬਿਨਾ ਜਿਹੜੀਆਂ ਯੋਜਨਾਵਾਂ ਅਤੇ ਨੀਤੀਆਂ ਬਣਾ ਰਿਹਾ ਹੈ, ਉਨ੍ਹਾਂ ਕਰਕੇ ਰਾਜ ਭਿਖਾਰੀ ਬਣ ਕੇ ਰਹਿ ਗਏ ਹਨ।

## ਸਿੱਧੂ ਹਸਬੈਂਡ-ਵਾਈਫ ਅਨਸਟੇਬਲ, Nonsense ਗੱਲਾਂ ਕਰ ਰਹੇ; ਕੈਪਟਨ ਅਮਰਿੰਦਰ ਸਿੰਘ ਨੇ ਸਿੱਧੂ ਜੋੜੇ 'ਤੇ ਕੱਸਿਆ ਤੰਜ





**ਚੰਡੀਗੜ੍ਹ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਭਾਜਪਾ ਨੇਤਾ ਕੈਪਟਨ ਅਮਰਿੰਦਰ ਸਿੰਘ ਦੇ 500 ਕਰੋੜ ਮੁੱਖ ਮੰਤਰੀ ਵਾਲੇ ਬਿਆਨ 'ਤੇ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਡਾ. ਨਵਜੋਤ ਕੌਰ ਦਾ ਬਿਆਨ ਬਕਵਾਸ ਹੈ। ਉਹ ਕਹਿੰਦੇ ਹਨ, ਸਾਨੂੰ ਮੁੱਖ ਮੰਤਰੀ ਬਣਾ ਦਿਓ, ਤਾਂ ਅਸੀਂ ਸਿਆਸਤ ਵਿੱਚ ਐਕਟਿਵ ਹੋਣ ਲਈ ਤਿਆਰ ਹਾਂ। ਦੋਵੇਂ ਹਸਬੈਂਡ-ਵਾਈਫ ਅਨਸਟੇਬਲ ਲੱਗਦੇ ਹਨ। ਇੱਕ ਚੈਨਲ ਨਾਲ ਗੱਲ ਕਰਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ, "ਇਹ ਲੋਕ ਕੁਝ ਵੀ ਬੋਲ ਜਾਂਦੇ ਹਨ। ਇਨ੍ਹਾਂ ਦਾ ਕੋਈ ਸਟੈਂਡ ਨਹੀਂ ਹੈ। ਕੀ ਇਨ੍ਹਾਂ ਤੋਂ ਵਗੈਰ ਪੰਜਾਬ ਨਹੀਂ ਚੱਲ ਸਕਦਾ ?" ਕਾਂਗਰਸ ਪਾਰਟੀ ਛੱਡਣ 'ਤੇ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ, "ਪਾਰਟੀ ਨੇ ਕਈ ਕੰਮ ਮੇਰੇ ਨਾਲ ਗਲਤ ਕੀਤੇ ਸੀ, ਜਿਸ ਕਰਕੇ ਮੈਂ ਇਹ ਕਦਮ ਚੁੱਕਿਆ। ਹਾਲਾਂਕਿ, ਮੈ ਹਾਲੇ ਵੀ ਕਾਂਗਰਸ ਨੂੰ ਮਿਸ ਕਰਦਾ ਹਾਂ।" ਭਾਜਪਾ ਆਗੂ ਨੇ ਅਰੂਸਾ ਆਲਮ ਨਾਲ ਆਪਣੀ ਦੋਸਤੀ ਨੂੰ ਲੈਕੇ ਵੀ ਖੁੱਲ੍ਹ ਕੇ ਜਵਾਬ ਦਿੱਤਾ। ਉਨ੍ਹਾਂ ਕਿਹਾ, "ਇੱਥੇ ਲੋਕ ਕੁਝ ਦਾ ਕੁਝ ਬਣਾ ਲੈਂਦੇ ਹਨ। ਉਹ ਬੋਲਦੇ ਰਹਿਣ, ਮੈਨੂੰ ਫਰਕ ਨਹੀਂ ਪੈਂਦਾ।" ਆਉਣ ਵਾਲੀਆਂ ਪੰਜਾਬ ਚੋਣਾਂ ਬਾਰੇ ਬੋਲਦਿਆਂ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ, "ਅਕਾਲੀ ਦਲ ਨਾਲ ਗੱਠਜੋੜ ਤੋਂ ਬਿਨਾਂ ਪੰਜਾਬ ਵਿੱਚ ਭਾਜਪਾ ਦਾ ਕੋਈ ਵਜੂਦ ਨਹੀਂ ਹੈ। ਭਾਜਪਾ ਇਕੱਲੀ ਨਹੀਂ ਜਿੱਤ ਸਕਦੀ।" 2027 ਦੀਆਂ ਚੋਣਾਂ ਵਿੱਚ ਕਾਂਗਰਸ ਦੇ ਭਵਿੱਖ ਬਾਰੇ ਪੁੱਛੇ ਗਏ ਇੱਕ ਸਵਾਲ ਦੇ ਜਵਾਬ ਵਿੱਚ ਕੈਪਟਨ ਅਮਰਿੰਦਰ ਸਿੰਘ ਨੇ ਕਿਹਾ, "ਕਾਂਗਰਸ ਕੋਲ ਇਸ ਸਮੇਂ 8-9 ਮੁੱਖ ਮੰਤਰੀ ਹਨ। ਉਹ ਕਾਂਗਰਸ ਨੂੰ ਜਿੱਤਣ ਨਹੀਂ ਦੇਣਗੇ। ਮੈਂ ਇਨ੍ਹਾਂ ਨੂੰ ਅੱਜ ਤੋਂ ਨਹੀਂ ਜਾਣਦਾ। ਮੇਰੇ ਨਾਲ ਇਨ੍ਹਾਂ ਨੇ ਕੰਮ ਕੀਤਾ ਹੈ। ਮੈਂ ਚੰਗੀ ਤਰ੍ਹਾਂ ਜਾਣਦਾ ਹਾਂ ਕਿ ਉਹ ਇੱਕ ਦੂਜੇ ਨੂੰ ਖਾ ਜਾਣਗੇ।"

ਸੱਦਾ ਪੱਤਰ

# 8ਵੀਂ ਬਰਸੀ ਦੀ ਮਿੱਠੀ ਯਾਦ ਮੌਕੇ

## ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਦਾ ਭੋਗ 19 ਦਸੰਬਰ ਨੂੰ



ਸਵ. ਸ. ਪਿਆਰਾ ਸਿੰਘ ਜੀ ਪਹਿਲਵਾਨ

ਸਵਰਗੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਜੀ ਦੀ

## 8ਵੀਂ ਬਰਸੀ ਤੇ ਮਿੱਠੀ ਯਾਦ ਮੌਕੇ

ਪਰਿਵਾਰ ਵਲੋਂ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਅਰੰਭ ਸ੍ਰੀ ਅਖੰਡਪਾਠ ਸਾਹਿਬ 19 ਦਸੰਬਰ 2025 ਦਿਨ ਸ਼ੁੱਕਰਵਾਰ ਸਵੇਰੇ 10 ਵਜੇ ਅਤੇ ਭੋਗ ਸ੍ਰੀ ਅਖੰਡਪਾਠ ਸਾਹਿਬ 21 ਦਸੰਬਰ 2025 ਦਿਨ ਐਤਵਾਰ ਸਵੇਰੇ 10 ਵਜੇ ਪਾਏ ਜਾਣਗੇ

**ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਦੀ ਅਰਦਾਸ ਉਪਰੰਤ ਗੁਰਦੁਆਰਾ ਸਾਹਿਬ ਦਾ ਹਜ਼ੂਰੀ ਜਥਾ ਕੀਰਤਨ ਕਰੇਗਾ। ਸਿੱਖ ਪ੍ਰਚਾਰਕ ਬਾਬਾ ਬਘੇਲ ਸਿੰਘ ਜੀ ਗੁਰਬਾਣੀ ਕਥਾ ਦੁਆਰਾ ਨਿਹਾਲ ਕਰਨਗੇ। ਭਾਈ ਹਰਮੇਲ ਸਿੰਘ ਦਿਲਬਰ ਦਾ ਢਾਡੀ ਜੱਥਾ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ।**

ਗੁਰੂ ਪਿਆਰੀ ਸਾਧ ਸੰਗਤ ਜੀਓ,
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

ਸਾਡੇ ਬਹੁਤ ਹੀ ਸਤਿਕਾਰਯੋਗ ਪਿਤਾ ਜੀ ਸਰਦਾਰ ਪਿਆਰਾ ਸਿੰਘ ਪਹਿਲਵਾਨ ਅਕਾਲ ਪੁਰਖ ਵਲੋਂ ਬਖਸੀ ਹੋਈ ਸਵਾਸਾਂ ਦੀ ਪੂੰਜੀ ਨੂੰ ਭੋਗਦੇ ਹੋਏ 16 ਦਸੰਬਰ 2017 ਸਾਨੂੰ ਸਦਾ ਲਈ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾਂ ਦੀ **ਅੱਠਵੀਂ ਬਰਸੀ** 'ਤੇ ਪਰਿਵਾਰ ਵਲੋਂ ਮਿੱਠੀ ਯਾਦ ਵਿੱਚ ਗੁਰਦੁਆਰਾ ਨਾਨਕਸਰ ਪਲੈਕ ਵਾਲਸਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਪਾਠ ਕਰਵਾਏ ਜਾ ਰਹੇ ਹਨ ।

**ਆਪ ਜੀ ਨੂੰ ਬੇਨਤੀ ਹੈ ਕਿ ਪਰਿਵਾਰ ਸਮੇਤ ਪਹੁੰਚ ਕੇ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ**

--- ★ ਗੁਰਦੁਆਰਾ ਸਾਹਿਬ ਦਾ ਪਤਾ ★----

**Gurdawara Nanaksar Pleck 4 Wellington St, Walsall , WS2 9QR, West Midlands , Tel. : 01922 641040**

-- ★ ਸਤਿਗੁਰੂ ਦੇ ਭਾਣੇ ਵਿੱਚ ★--

| | | | |
|---|---|---|---|
| ਬੀਬੀ ਗੁਰਮੀਤ ਕੌਰ | (ਪਤਨੀ) | ਕੁਲਵਿੰਦਰ ਕੌਰ | (ਪੁੱਤਰੀ) |
| ਰਘਵੀਰ ਸਿੰਘ | (ਪੁੱਤਰ) | ਜਸਵਿੰਦਰ ਕੌਰ | (ਪੁੱਤਰੀ) |
| ਜਰਨੈਲ ਸਿੰਘ | (ਪੁੱਤਰ) | ਅਤੇ ਸਮੂਹ ਪਰਿਵਾਰ | |

Contact : 07830202647 (Jarnail Singh Johal), 07976210161 (Raghbir Singh)

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ
# ਖਾਲ਼ਸਾ ਮੈਮੋਰੀਅਲ ਹਸਪਤਾਲ



## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com

ALLERGY ADVICE !!
Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

## DR. KAMALJIT SAROA

B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**

**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'




## ਯੁੱਧ ਨਸ਼ਿਆਂ ਵਿਰੁੱਧ: ਜ਼ਿਲ੍ਹਾ ਸੰਗਰੂਰ ਵਿਖੇ ਹੁਣ ਤਕ 783 ਕੇਸ ਦਰਜ; 1170 ਮੁਲਜ਼ਮ ਗ੍ਰਿਫਤਾਰ

# ਇੰਦਰਾ ਬਸਤੀ ਵਿਖੇ ਨਸ਼ਾ ਤਸਕਰਾਂ ਵੱਲੋਂ ਕੀਤੀ ਨਾਜਾਇਜ਼ ਉਸਾਰੀ ਢਾਹੀ

**ਸੁਨਾਮ (ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਜੰਗੀ ਪੱਧਰ 'ਤੇ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹਾ ਪੁਲਿਸ ਮੁਖੀ ਸ਼੍ਰੀ ਸਰਤਾਜ ਸਿੰਘ ਚਾਹਲ ਦੇ ਨਿਰਦੇਸ਼ਾਂ ਮੁਤਾਬਕ ਐੱਸ.ਪੀ. (ਪੀ.ਬੀ.ਆਈ) ਸ. ਨਵਰੀਤ ਸਿੰਘ

ਆਵਾਜ਼ਿ ਕੌਮ AWAZE QAUM
International Newspaper & WEB TV

ਵਿਰਕ ਦੀ ਅਗਵਾਈ ਵਿੱਚ ਪ੍ਰਸ਼ਾਸਨ ਵੱਲੋਂ ਇੰਦਰਾ ਬਸਤੀ ਸੁਨਾਮ ਵਿਖੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਨਾਜਾਇਜ਼ ਮਕਾਨ, ਜਿਸ ਨੂੰ ਸਿਵਲ ਪ੍ਰਸ਼ਾਸਨ ਵੱਲੋਂ ਨਾਜਾਇਜ਼ ਕਰਾਰ ਦਿੱਤਾ ਗਿਆ ਸੀ, ਨੂੰ ਢਾਹਿਆ ਗਿਆ, ਜਿਹੜੀ ਕਿ 32ਵੀਂ ਅਜਿਹੀ ਨਾਜਾਇਜ਼ ਉਸਾਰੀ ਹੈ, ਜਿਹੜੀ ਕਿ ਨਸ਼ਿਆਂ ਦੇ ਕਾਰੋਬਾਰ ਨਾਲ ਬਣੀ ਸੀ ਤੇ ਜਿਸ ਸਬੰਧੀ ਪ੍ਰਸ਼ਾਸਨ ਵੱਲੋਂ ਕਾਰਵਾਈ ਕੀਤੀ ਗਈ ਹੈ। ਇਸ ਮੌਕੇ ਸ. ਵਿਰਕ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ ਜ਼ਿਲ੍ਹਾ ਸੰਗਰੂਰ ਵਿਖੇ ਹੁਣ ਤਕ 783 ਕੇਸ ਦਰਜ ਕਰ ਕੇ 1170 ਮੁਲਜ਼ਮ ਗ੍ਰਿਫਤਾਰ ਕੀਤੇ ਗਏ ਹਨ ਤੇ ਦਰਜ ਕੇਸਾਂ ਵਿੱਚੋਂ 43 ਕੇਸ ਤੇ 82 ਮੁਲਜ਼ਮ ਨਸ਼ੇ ਦੀ ਵਪਾਰਕ ਮਿਕਦਾਰ ਨਾਲ ਸਬੰਧਤ ਹਨ। ਇਸੇ ਲੜੀ ਤਹਿਤ ਕਰੀਬ 03 ਕਰੋੜ 63 ਲੱਖ ਦੀਆਂ 09 ਜਾਇਦਾਦਾਂ ਜ਼ਬਤ ਵੀ ਕੀਤੀਆਂ ਗਈਆਂ ਹਨ। ਇੰਦਰਾ ਬਸਤੀ, ਸੁਨਾਮ ਵਿਖੇ ਨਸ਼ਾ ਤਸਕਰਾਂ ਵੱਲੋਂ ਉਸਾਰੇ ਜਿਹੜੇ ਨਾਜਾਇਜ਼ ਮਕਾਨ ਨੂੰ ਢਾਹਿਆ ਗਿਆ ਹੈ, ਉਸ ਪਰਿਵਾਰ ਦੇ 03 ਮੈਬਰਾਂ ਖਿਲਾਫ 16 ਕੇਸ ਦਰਜ ਹਨ।ਮੁਲਜ਼ਮ ਕੁਲਬੀਰ ਸਿੰਘ ਖਿਲਾਫ ਐਨ.ਡੀ.ਪੀ.ਐੱਸ. ਐਕਟ ਦੇ 03 ਕੇਸ, ਉਸ ਦੇ ਪਿਤਾ ਦੁੱਲਾ ਸਿੰਘ





ਖਿਲਾਫ ਵੀ ਐਨ.ਡੀ.ਪੀ.ਐੱਸ. ਐਕਟ ਦੇ 03 ਕੇਸ ਅਤੇ ਕੁਲਬੀਰ ਸਿੰਘ ਦੀ ਪਤਨੀ ਬਲਜਿੰਦਰ ਕੌਰ ਖਿਲਾਫ ਐਨ.ਡੀ.ਪੀ.ਐੱਸ. ਐਕਟ ਦੇ 07 ਅਤੇ ਆਬਕਾਰੀ ਐਕਟ ਦੇ 03 ਕੇਸ ਦਰਜ ਹਨ।

ਐੱਸ.ਪੀ. ਵਿਰਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾ ਰਹੀ ਹੈ ਅਤੇ ਨਸ਼ਿਆਂ ਦੇ ਤਸਕਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ। ਜਿਹੜੇ ਨੌਜਵਾਨ ਨਸ਼ਾ ਛੱਡ ਕੇ ਚੰਗੀ ਜ਼ਿੰਦਗੀ ਜਿਉਣਾ ਚਾਹੁੰਦੇ ਹਨ, ਉਹ ਅੱਗੇ ਆਉਣ ਪੰਜਾਬ ਸਰਕਾਰ ਉਹਨਾਂ ਦੀ ਹਰ ਹਾਲ ਮਦਦ ਕਰ ਰਹੀ ਹੈ। ਇਸ ਸਬੰਧੀ ਜ਼ਿਲ੍ਹੇ ਦੇ ਵਿੱਚ ਸਰਕਾਰੀ ਨਸ਼ਾ ਛੁੜਾਊ ਤੇ ਮੁੜਵਸੇਵਾ ਕੇਂਦਰ ਕਾਰਗਸ਼ੀਲ ਹਨ।ਐੱਸ.ਪੀ. ਨੇ ਨਸ਼ਾ ਤਸਕਰਾਂ ਨੂੰ ਸਖਤ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਨਸ਼ੇ ਵੇਚਣ ਦਾ ਕੰਮ ਛੱਡ ਦੇਣ ਨਹੀਂ ਤਾਂ ਉਨ੍ਹਾਂ ਵਿਰੁੱਧ ਵੀ ਇਹੋ ਜਿਹੀ ਕਾਰਵਾਈ ਕੀਤੀ ਜਾਵੇਗੀ। ਨਸ਼ਾ ਤਸਕਰਾਂ ਨੇ ਸੂਬੇ ਦੀ ਜਵਾਨੀ ਨੂੰ ਕੁਰਾਹੇ ਪਾਇਆ ਹੈ ਅਤੇ ਪੰਜਾਬ ਸਰਕਾਰ ਜਵਾਨੀ ਨੂੰ ਬਚਾਉਣ ਲਈ ਪੂਰੀ ਤਰ੍ਹਾਂ ਦ੍ਰਿੜ ਹੈ। ਉਨ੍ਹਾਂ ਕਿਹਾ ਕਿ "ਯੁੱਧ ਨਸ਼ਿਆਂ ਵਿਰੁੱਧ ਮੁਹਿੰਮ" ਨਿਰੰਤਰ ਜਾਰੀ ਰਹੇਗੀ ਅਤੇ ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਡੀ.ਐੱਸ.ਪੀ. ਹਰਵਿੰਦਰ ਸਿੰਘ ਖਹਿਰਾ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪੁਲਿਸ ਮੁਲਾਜ਼ਮ ਹਾਜ਼ਰ ਸਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

**ਜਨਮ ਦਿਵਸ ਸਾਹਿਬਜ਼ਾਦਾ ਬਾਬਾ ਫ਼ਤਹਿ ਸਿੰਘ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ**

**ਸ਼ਨਿੱਚਰਵਾਰ 13 ਦਸੰਬਰ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।**

ਐਤਵਾਰ 14 ਦਸੰਬਰ 2025 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 10:00 ਵਜੇ ਭੋਗ ਪੈਣਗੇ ਉਪਰੰਤ 12 :30 ਵਜੇ ਤੱਕ ਦੀਵਾਨ ਸੱਜਣਗੇ।

ਕੀਰਤਨੀ ਜਥਾ ਰਾਗੀ ਬੀਬੀ ਗੁਲਰਾਂਜ ਕੋਰ ਅਕਾਲੀ ਜਥਾ ਕਰਮੋਨੇ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

**ਗੁਰੂ ਕਾ ਲੰਗਰ ਅਤੁੱਟ ਵਰਤੇਗਾ**

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
**Call+393475711755 / 3208124778**

ਬੰਦੀ ਸਿੰਘਾਂ ਦੀ ਰਿਹਾਈ ਅਤੇ ਉਨ੍ਹਾਂ ਨਾਲ ਹੋ ਰਹੇ ਵਿਤਕਰੇ ਵਿਰੁੱਧ ਸਮੂਹ ਪੰਥਕ ਰਾਜਨੀਤਿਕ ਅਤੇ ਧਾਰਮਿਕ ਜੱਥੇਬੰਦੀਆਂ ਨੂੰ

# ਵੱਡਾ ਅੰਦੋਲਨ ਸ਼ੁਰੂ ਕਰਨ ਦੀ ਅਪੀਲ: ਪਰਮਜੀਤ ਸਿੰਘ ਵੀਰਜੀ

**ਨਵੀਂ ਦਿੱਲੀ 12 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:- ਇਕ ਪਾਸੇ ਨਵੰਬਰ 1984 ਵਿਚ ਹੋਏ ਹਜਾਰਾਂ ਸਿੱਖਾਂ ਦੇ ਕਤਲ ਕੇਸਾਂ ਵਿਚ ਨਾਮਜਦ ਇਕ ਮੁੱਖ ਦੋਸ਼ੀ ਬਲਵਾਨ ਖੋਖਰ ਨੂੰ ਕੁਝ ਦਿਨ ਪਹਿਲਾਂ ਪੈਰੋਲ ਦਿੱਤੀ ਗਈ ਉਪਰੰਤ ਬੀਤੇ ਦਿਨ ਆਸ਼ਿਸ਼ ਮਿਸ਼ਰਾ ਜੋ ਕਿ ਇਕ ਪੱਤਰਕਾਰ ਸਮੇਤ ਕੁਝ ਸਿੱਖਾਂ ਦਾ ਕਾਤਲ ਹੈ ਨੂੰ ਵੀਂ ਪੈਰੋਲ ਦੇ ਦਿੱਤੀ ਗਈ ਹੈ ਇਥੇ ਹੀ ਬਸ ਨਹੀਂ ਉਮਰ ਖਾਲਿਦ ਜੋ ਕਿ ਦਿੱਲੀ ਦੰਗੇਆ ਦੌਰਾਨ 50 ਤੋਂ ਵੱਧ ਕਤਲ ਅਤੇ 700 ਤੋਂ ਵੱਧ ਜਖਮੀ ਮਾਮਲੇ ਵਿਚ ਮੁੱਖ ਨਾਮਜਦ ਹੈ ਨੂੰ ਵੀਂ ਪੈਰੋਲ ਦੇ ਦਿੱਤੀ ਗਈ ਹੈ ਪਰ ਸਿੱਖ ਬੰਦੀ ਸਿੰਘ ਭਾਈ ਅੰਮ੍ਰਿਤਪਾਲ ਸਿੰਘ ਜੋ ਕਿ ਤਰਨਤਾਰਨ ਤੋਂ ਢਾਈ ਲੱਖ ਤੋਂ ਵੱਧ ਵੋਟਾਂ ਨਾਲ ਜਿੱਤ ਕੇ ਲੋਕ ਫਤਵੇਂ ਰਾਹੀਂ ਐਮਪੀ ਬਣੇ ਹਨ ਨੂੰ ਸੰਸਦ ਦੀ ਕਾਰਵਾਈ ਵਿਚ ਹਿੱਸਾ ਲੈਣ ਲਈ ਪੈਰੋਲ ਨਹੀਂ ਦਿੱਤੀ ਜਾ ਰਹੀ ਜਦਕਿ ਰਸ਼ਿਦ ਲੱਤੀਫ਼ ਜੋ ਕਿ ਜੰਮੂ ਕਸ਼ਮੀਰ ਤੋਂ ਜੇਲ੍ਹ ਅੰਦਰ ਬੰਦ ਰਹਿੰਦਿਆਂ ਲੋਕ ਫਤਵੇਂ ਰਾਹੀਂ ਐਮਪੀ ਬਣੇ ਸਨ ਉਨ੍ਹਾਂ ਨੂੰ ਉਚੇਚੇ ਤੌਰ ਤੇ ਐਮਪੀ ਸਹੂਲਤਾਂ ਦੇਂਦਿਆ ਸੰਸਦ ਕਾਰਵਾਈ ਵਿਚ ਹਿੱਸਾ ਲੈਣ ਦਿੱਤਾ ਜਾ ਰਿਹਾ ਹੈ । ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਮੁੱਖੀ ਅਤੇ ਦਿੱਲੀ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰ ਜੀ ਨੇ ਕਿਹਾ ਕਿ ਇਹ ਸਿੱਖਾਂ ਨਾਲ ਹੋ ਰਹੇ ਵਿਤਕਰਿਆਂ ਦੇ ਕੋਈ ਪੁਰਾਣੇ ਨਹੀਂ ਬਲਕਿ ਮੌਜੂਦਾ ਦਿਨਾਂ ਅੰਦਰ ਦੇ ਪ੍ਰਤੱਖ ਪ੍ਰਮਾਣ ਹਨ । ਇੰਨ੍ਹਾ ਨਾਲ ਇਹ ਸਾਬਿਤ ਹੁੰਦਾ ਹੈ ਕਿ ਸਿੱਖਾਂ ਨੂੰ ਇਸ ਦੇਸ਼ ਲਈ ਦਿਤੀਆਂ ਆਪਣੀਆਂ 92% ਕੁਰਬਾਣੀਆਂ ਸਦਕਾ ਆਜ਼ਾਦ ਕਰਵਾਉਣ ਦੀ ਸਜ਼ਾ ਮਿਲ਼ ਰਹੀ ਹੈ । ਇਸੇ ਤਰ੍ਹਾਂ ਜੂਨ 84 ਵਿਚ ਤੱਤਕਾਲੀ ਸਰਕਾਰ ਵਲੋਂ ਸਿੱਖਾਂ ਦੇ ਮੁਕੱਦਸ ਅਸਥਾਨ ਸ੍ਰੀ ਦਰਬਾਰ ਸਾਹਿਬ, ਅਕਾਲ ਤਖਤ ਸਾਹਿਬ ਅਤੇ ਹੋਰ ਗੁਰਧਾਮਾਂ ਉਪਰ ਕੀਤੇ ਗਏ ਫੌਜੀ ਹਮਲੇ ਦੇ ਵਿਰੋਧ ਵਿਚ ਸੰਘਰਸ਼ ਕਰਣ ਵਾਲੇ ਨੌਜੁਆਨ ਜਿਨ੍ਹਾਂ ਦਾ ਵੱਖ ਵੱਖ ਜੇਲ੍ਹਾਂ ਅੰਦਰ 30-30 ਸਾਲ ਤੋਂ ਵੱਧ ਸਮਾਂ ਕੈਦਾ ਵਿਚ ਹੀ ਨਿਕਲ ਗਿਆ ਹੈ ਤੇ ਉਨ੍ਹਾਂ ਨੂੰ ਕਿਸੇ ਵੀਂ ਪਰਿਵਾਰਿਕ ਦੁੱਖ ਸੁਖ ਸਮੇਂ ਪੈਰੋਲਾ ਤਕ ਨਹੀਂ ਦਿਤੀਆਂ ਗਈਆਂ ਜਦਕਿ ਗੋਧਰਾ ਕਤਲੇਆਮ, ਮਾਲੇਗਾਵ ਧਮਾਕੇ, ਯੂਪੀ ਕਤਲੇਆਮ ਅਤੇ ਰਾਜੀਵ ਗਾਂਧੀ ਦੇ ਕਾਤਲਾਂ ਤਕ ਨੂੰ ਜਮਾਨਤਾਂ ਉਪਰੰਤ ਪੱਕੇ ਤੌਰ ਤੇ ਰਿਹਾ ਕਰ ਦਿੱਤਾ ਗਿਆ ਹੈ ਇਹ ਵਰਤਾਰਾ ਦੇਸ਼ ਅੰਦਰ ਸਿੱਖਾਂ ਦੇ ਮਨਾਂ ਅੰਦਰ ਦੂਜੇ ਦਰਜ਼ੇ ਦੇ ਸ਼ਹਿਰੀ ਹੋਣ ਦਾ ਵਾਰ ਵਾਰ ਅਹਿਸਾਸ ਕਰਵਾ ਰਿਹਾ ਹੈ ਕਿਉਕਿ ਸਿੱਖ ਦਾ ਨਾਮ ਆਉਂਦਿਆਂ ਹੀ ਕੰਨੂਨ ਵੀਂ ਚੁੱਪ ਹੋ ਜਾਂਦਾ ਹੈ । ਦਸਮ ਪਾਤਸ਼ਾਹ ਦੀ ਨਕਲ ਕਰਣ ਵਾਲਾ ਰਾਮ ਰਹੀਮ ਜੋ ਕਿ ਗੰਭੀਰ ਅਪਰਾਧਾਂ ਵਿਚ ਉਮਰਕੈਦ ਕੱਟ ਰਿਹਾ ਹੈ ਨੂੰ ਸਿੱਖ ਭਾਵਨਾਵਾਂ ਨੂੰ ਦਰਕਿਨਾਰ ਕਰਦਿਆਂ ਹਰ ਦੂਜੇ ਤੀਜੇ ਮਹੀਨੇ ਪੈਰੋਲ ਫਰਲੋ ਦੇ ਦਿੱਤੀ ਜਾਂਦੀ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਵਲੋਂ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਪ੍ਰਕਾਸ਼ ਪੁਰਬ ਮੌਕੇ ਕਿਹਾ ਗਿਆ ਕਿ ਲੰਮੇ ਸਮੇਂ ਤੋਂ ਜੇਲ੍ਹਾਂ ਅੰਦਰ ਬੰਦ ਕੁਝ ਸਿੰਘਾਂ ਨੂੰ ਰਿਹਾਈ ਦਿੱਤੀ ਜਾਏਗੀ ਓਸ ਉਪਰ ਕੋਈ ਕਾਰਵਾਈ ਨਹੀਂ ਹੋਣ ਕਰਕੇ ਓਹ ਸਿਰਫ ਅਖਬਾਰੀ ਬਿਆਨ ਬਣ ਕੇ ਰਹਿ ਗਿਆ ਹੈ ਜਿਸਨੇ ਸਿੱਖਾਂ ਅੰਦਰ ਬੇਗਾਨਗੀ ਦਾ ਅਹਿਸਾਨ ਵਧਾਇਆ ਹੀ ਹੈ । ਐਸਜੀਪੀਸੀ ਸਮੇਤ ਵੱਖ ਵੱਖ ਸਿੱਖ ਨੇਤਾ ਸਰਕਾਰਾਂ ਨੂੰ ਵਾਰ ਵਾਰ ਬੰਦੀ ਸਿੰਘਾਂ ਦੇ ਮਾਮਲਿਆਂ ਉਪਰ ਵਿਚਾਰ ਕਰਣ ਲਈ ਕਹਿ ਰਹੇ ਹਨ ਪੱਤਰ ਲਿਖ ਰਹੇ ਹਨ ਪਰ ਸਰਕਾਰੀ ਪੱਧਰ ਤੇ ਕੋਈ ਕਾਰਵਾਈ ਨਹੀਂ ਹੋ ਰਹੀ ਹੈ ਤੇ ਲਿਖੇ ਗਏ ਪੱਤਰਾ ਤਕ ਦਾ ਜੁਆਬ ਨਹੀਂ ਦਿੱਤਾ ਗਿਆ । ਇਸ ਲਈ ਅਸੀਂ ਐਸਜੀਪੀਸੀ ਪ੍ਰਧਾਨ ਸਾਹਿਬ ਹਰਜਿੰਦਰ ਸਿੰਘ ਧਾਮੀ, ਸ਼੍ਰੋਮਣੀ ਅਕਾਲੀ ਦਲ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ, ਸਮੂਹ ਦਮਦਮੀ ਟਕਸਾਲ, ਦਲ ਖਾਲਸਾ, ਸਮੂਹ ਸਿੱਖ ਸਟੂਡੈਂਟ ਫੈਡਰੇਸ਼ਨ, ਸਮੂਹ ਸੰਤ ਸਮਾਜ, ਸਮੂਹ ਨਿਹੰਗ ਸਿੰਘ ਜੱਥੇਬੰਦੀਆਂ ਦੇ ਨਾਲ ਧਾਰਮਿਕ ਅਤੇ ਰਾਜਸੀ ਜੱਥੇਬੰਦੀਆਂ, ਦਿੱਲੀ, ਹਰਿਆਣਾ, ਯੂਪੀ ਸਮੇਤ ਦੇਸ਼ ਵਿਦੇਸ਼ ਦੀਆਂ ਸਮੂਹ ਸਿੱਖ ਗੁਰਦੁਆਰਾ ਕਮੇਟੀਆਂ, ਜੱਥੇਬੰਦੀਆਂ ਨੂੰ ਮਿਲ਼ ਬੈਠ ਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਇਕ ਵੱਡਾ ਅੰਦੋਲਨ ਸ਼ੁਰੂ ਕਰਣ ਦੀ ਅਪੀਲ ਕਰਦੇ ਹਾਂ ਜਿਸ ਨਾਲ ਓਹ ਮਰਜੀਵੜੇ ਜਿਨ੍ਹਾਂ ਕੌਮ ਖਾਤਿਰ ਆਪਾ ਵਾਰਿਆ ਹੈ ਨੂੰ ਵੀਂ ਰਿਹਾ ਹੋ ਕੇ ਸਮਾਜ ਦੀ ਮੁੱਖ ਧਾਰਾ ਵਿਚ ਸ਼ਾਮਿਲ ਹੋ ਕੇ ਆਪਣੀ ਰਹਿੰਦੀ ਜਿੰਦਗੀ ਪਰਿਵਾਰ ਨਾਲ ਬਤੀਤ ਕਰ ਸਕਣ ।



ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਖ਼ੂਨਦਾਨ ਕੈਂਪ ਆਯੋਜਿਤ

# ਵਲੰਟੀਅਰਾਂ ਵੱਲੋਂ ਲਗਭਗ 90 ਯੂਨਿਟ ਖ਼ੂਨਦਾਨ



**ਤਲਵੰਡੀ ਸਾਬੋ, 12 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਐਨ.ਐਸ.ਐਸ. ਵਿਭਾਗ ਤੇ ਡਾਇਰੈਕਟਰ ਵਿਦਿਆਰਥੀ ਭਲਾਈ ਵੱਲੋਂ ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਦੇ ਸਹਿਯੋਗ ਨਾਲ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਕੈਂਪ ਦਾ ਆਗਾਜ਼ ਵਾਈਸ ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਤੇ ਪਰੋ ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਵੱਲੋਂ ਕੀਤਾ ਗਿਆ। ਇਸ ਮੌਕੇ ਡੀਨ ਅਕਾਦਮਿਕ ਡਾ.ਜਾਵੇਦ ਅਹਿਮਦ ਖਾਨ, ਸੁਖਦੇਵ ਸਿੰਘ ਡਿਸਪੈਂਸਰੀ ਇੰਚਾਰਜ, ਵੱਖ-ਵੱਖ ਵਿਭਾਗਾਂ ਦੇ ਡੀਨ ਤੇ ਫੈਕਲਟੀ ਮੈਂਬਰ ਹਾਜ਼ਰ ਸਨ। ਕੈਂਪ ਦੇ ਉਦਘਾਟਨ ਸਮੇਂ ਵਾਈਸ ਚਾਂਸਲਰ ਡਾ. ਸਿੰਘ ਨੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਿਜਦਾ ਕਰਦੇ ਹੋਏ ਕਿਹਾ ਕਿ ਕੈਂਪ ਵਿੱਚ ਕੀਤਾ ਗਿਆ ਖ਼ੂਨਦਾਨ ਕਈ ਵੱਡਮੁੱਲੀਆਂ ਜ਼ਿੰਦਗੀਆਂ ਬਚਾਏਗਾ ਜੋ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਉਨ੍ਹਾਂ ਨੌਜਵਾਨਾਂ ਨੂੰ ਗੁਰੂਆਂ ਵੱਲੋਂ ਵਿਖਾਏ ਰਾਹ ਤੇ ਚੱਲ ਕੇ ਮਜ਼ਲੂਮਾਂ ਦੀ ਰਾਖੀ ਅਤੇ ਲੋਕਾਈ ਦੇ ਭਲੇ ਲਈ ਕੰਮ ਕਰਨ ਦੀ ਪ੍ਰੇਰਨਾ ਦਿੱਤੀ। ਪਰੋ. ਵਾਈਸ ਚਾਂਸਲਰ ਡਾ. ਧੀਮਾਨ ਨੇ ਆਯੋਜਕਾਂ ਦੇ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਾਨੂੰ ਸੰਕਟ ਦੀ ਘੜੀ ਵਿੱਚ ਜ਼ਰੂਰਤਮੰਦਾਂ ਦੇ ਮੋਢੇ ਨਾਲ ਮੋਢਾ ਲਾ ਕੇ ਖੜ੍ਹੇ ਹੋਣਾ ਚਾਹੀਦਾ ਹੈ। ਉਨ੍ਹਾਂ ਸਵੈ ਇਛੁੱਕ ਖ਼ੂਨਦਾਨ ਲਈ ਐਨ.ਐਸ.ਐਸ. ਦੇ ਵਲੰਟੀਅਰਾਂ ਨੂੰ ਜਾਗਰੂਕਤਾ ਅਭਿਆਨ ਚਲਾਉਣ ਅਤੇ ਖ਼ੂਨਦਾਨ ਦਾ ਸੁਨੇਹਾ ਘਰ-ਘਰ ਪਹੁੰਚਾਉਣ ਲਈ ਕਿਹਾ ਕਿਉਂਕਿ ਖ਼ੂਨਦਾਨ ਦਾ ਮਤਲਬ ਮਨੁੱਖੀ ਜ਼ਿੰਦਗੀ ਬਚਾਉਣਾ ਹੈ। ਕੈਂਪ ਬਾਰੇ ਜਾਣਕਾਰੀ ਦਿੰਦਿਆਂ ਸਰਦੂਲ ਸਿੰਘ ਸਿੱਧੂ ਨਿਰਦੇਸ਼ਕ ਵਿਦਿਆਰਥੀ ਭਲਾਈ, ਨਰਿੰਦਰ ਕੌਰ ਐਨ.ਐਸ.ਐਸ. ਕੁਆਰਡੀਨੇਟਰ ਨੇ ਦੱਸਿਆ ਕਿ ਖ਼ੂਨਦਾਨ ਕੈਂਪ ਵਿੱਚ ਸਿਵਲ ਸਰਜਨ ਬਠਿੰਡਾ ਦੀ ਦੇਖ ਰੇਖ ਹੇਠ ਡਾ. ਗੁੰਜਨ ਦੀ ਟੀਮ ਵੱਲੋਂ ਲਗਭਗ 90 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਡਾ. ਰਵੀ ਗਹਿਲਾਵਤ ਡੀਨ, ਫੈਕਲਟੀ ਆਫ਼ ਫਿਜ਼ੀਕਲ ਐਜੂਕੇਸ਼ਨ ਦੀ ਸਮੁੱਚੀ ਟੀਮ ਦਾ ਪ੍ਰਬੰਧਨ ਸ਼ਲਾਘਾਯੋਗ ਸੀ। ਇਸ ਮੌਕੇ ਉਨ੍ਹਾਂ ਖ਼ੂਨਦਾਨ ਕਰਨ ਵਾਲੇ ਖਿਡਾਰੀਆਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਜਿਵੇਂ ਖਿਡਾਰੀ ਖੇਡ ਮੈਦਾਨ ਵਿੱਚ ਹਾਰ ਜਿੱਤ ਦਾ ਅਨੰਦ ਮਾਣਦੇ ਹਨ, ਓਸੇ ਤਰ੍ਹਾਂ ਸਮਾਜ ਸੇਵਾ ਲਈ ਕੀਤੇ ਗਏ ਨੇਕ ਕੰਮ ਵੀ ਇਨਸਾਨ ਨੂੰ ਅੰਦਰੂਨੀ ਖੁਸ਼ੀ ਅਤੇ ਸੰਤੁਸ਼ਟੀ ਪ੍ਰਦਾਨ ਕਰਦੇ ਹਨ। ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਹਰ ਵਰ੍ਹੇ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਜਾਂਦਾ ਹੈ।



# ਅਕਾਲ ਬਿਜਨਸ ਸਕੂਲ ਦੇ ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਕਾਨਫਰੰਸ ਵਿੱਚ ਨਾਂ ਰੋਸ਼ਨ ਕੀਤਾ





**ਤਲਵੰਡੀ ਸਾਬੋ, 12 ਦਸੰਬਰ (ਗੁਰਜੰਟ ਸਿੰਘ ਨਥੇਹਾ)**- ਅਕਾਲ ਯੂਨੀਵਰਸਿਟੀ ਦੇ ਅਕਾਲ ਬਿਜਨਸ ਸਕੂਲ ਦੇ ਐਮ.ਬੀ.ਏ ਫਾਈਨਲ ਸਾਲ ਦੇ ਵਿਦਿਆਰਥੀਆਂ ਨੇ ਨੂੰ ਇਟਰਨਲ ਯੂਨੀਵਰਸਿਟੀ ਬੜੂ ਸਾਹਿਬ ਵਿੱਚ ਆਯੋਜਿਤ ਅੰਤਰਰਾਸ਼ਟਰੀ ਕਾਨਫਰੰਸ 'ਸਮਾਵੇਸ਼ੀ ਅਤੇ ਟਿਕਾਊ ਆਰਥਿਕ ਵਿਕਾਸ ਲਈ ਉਦਯੋਗ ਅਕਾਦਮਿਕ ਇੰਟਰਫੇਸ ਨੂੰ ਮਜ਼ਬੂਤ ਕਰਨਾ ਰਸਤੇ, ਭਾਈਵਾਲੀ ਅਤੇ ਨੀਤੀ ਦ੍ਰਿਸ਼ਟੀਕੋਣ' ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਕਾਨਫਰੰਸ ਦਾ ਆਯੋਜਨ ਇਟਰਨਲ ਯੂਨੀਵਰਸਿਟੀ ਦੇ ਰਿਸਰਚ ਐਂਡ ਡਿਵੈਲਪਮੈਂਟ ਸੈੱਲ, ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਅਤੇ ਯੂਨੀਵਰਸਿਟੀ ਕਾਰਪੋਰੇਟ ਰਿਸੋਰਸ ਸੈਂਟਰ ਵੱਲੋਂ ਸਾਂਝੇ ਰੂਪ 'ਚ ਕੀਤਾ ਗਿਆ। ਅਕਾਲ ਬਿਜ਼ਨਸ ਸਕੂਲ ਵੱਲੋਂ 8 ਵਿਦਿਆਰਥੀਆਂ ਨੇ ਯੂਨੀਵਰਸਿਟੀ ਦੀ ਨੁਮਾਇੰਦਗੀ ਕੀਤੀ ਅਤੇ ਵੱਖ-ਵੱਖ ਟੈਕਨੀਕਲ ਟ੍ਰੈਕਾਂ ਬਿਜ਼ਨਸ ਐਂਡ ਪਾਲਸੀ, ਇਨੋਵੇਸ਼ਨ ਐਂਡ ਟੈਕਨੋਲੋਜੀ, ਐਜੂਕੇਸ਼ਨ ਐਂਡ ਕੈਪੈਸਿਟੀ ਬਿਲਡਿੰਗ ਅਤੇ ਸੋਸ਼ਲ ਸਾਇੰਸਜ਼ ਵਿੱਚ ਆਪਣੇ ਰਿਸਰਚ ਪੇਪਰ ਪੇਸ਼ ਕੀਤੇ। ਕਾਨਫਰੰਸ ਦੌਰਾਨ ਵਿਦਿਆਰਥੀਆਂ ਨੂੰ ਵਿਸ਼ਵ-ਪੱਧਰੀ ਵਿਦਵਾਨਾਂ ਨਾਲ ਸੰਵਾਦ, ਇੰਡਸਟਰੀ ਨਾਲ ਸੰਬੰਧਾਂ ਬਾਰੇ ਡੂੰਘੀ ਸੂਝ, ਸਾਂਝੇ ਰਿਸਰਚ ਦੇ ਮੌਕੇ, ਨੀਤੀ ਨਿਰਧਾਰਕਾਂ ਨਾਲ ਚਰਚਾਵਾਂ ਅਤੇ ਸਮਕਾਲੀ ਆਰਥਿਕ ਸਮਾਜਿਕ ਮੁੱਦਿਆਂ ਬਾਰੇ ਵੱਡਮੁਲਾ ਗਿਆਨ ਪ੍ਰਾਪਤ ਹੋਇਆ। ਅਕਾਲ ਯੂਨੀਵਰਸਿਟੀ ਲਈ ਮਾਣ ਦਾ ਮੌਕਾ ਬਣਿਆ, ਜਦੋਂ ਐਮ.ਬੀ.ਏ ਦੀ ਵਿਦਿਆਰਥਣ ਹਰਲੀਨ ਕੌਰ ਨੇ ਕਾਨਫਰੰਸ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਉਸ ਨੇ ਰਾਸ਼ਟਰੀ ਤੇ ਅੰਤਰਰਾਸ਼ਟਰੀ ਭਾਗੀਦਾਰਾਂ ਨਾਲ ਤਿੱਖਾ ਮੁਕਾਬਲਾ ਕਰਦੇ ਹੋਏ ਇਹ ਪ੍ਰਾਪਤੀ ਆਪਣੇ ਨਾਮ ਕੀਤੀ। ਕਾਨਫਰੰਸ ਦੇ ਨਿਰਣਾਇਕ ਮੰਡਲ ਵੱਲੋਂ ਉਸਦੀ ਪੇਸ਼ਕਾਰੀ ਅਤੇ ਰਿਸਰਚ ਯੋਗਦਾਨ ਦੀ ਖਾਸ ਤੌਰ 'ਤੇ ਸ਼ਲਾਘਾ ਕੀਤੀ ਗਈ।

# ਕੰਗ ਅਤੇ ਸੁੱਖੀ ਨੇ ਵੱਖ-ਵੱਖ ਪਿੰਡਾਂ ਵਿੱਚ ਆਪ ਦੇ ਉਮੀਦਵਾਰ ਭੁੱਲਰ ਦੇ ਹੱਕ ਵਿੱਚ ਕੀਤਾ ਚੋਣ ਪ੍ਰਚਾਰ





**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਵਿੱਚ ਪੈਂਦੇ ਪਿੰਡ ਮੀਮਸਾਂ ਜੋਨ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਰਛਪਾਲ ਸਿੰਘ ਭੁੱਲਰ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਲਈ ਆਮ ਆਦਮੀ ਪਾਰਟੀ ਦੇ ਜਨਰਲ ਸਕੱਤਰ ਮਨਵਿੰਦਰ ਸਿੰਘ ਕੰਗ ਮੈਬਰ ਪਾਰਲੀਮੈਂਟ ਅਤੇ ਮੁੱਖ ਮੰਤਰੀ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਵੱਖ ਵੱਖ ਪਿੰਡਾਂ ਵਿੱਚ ਚੋਣ ਜਲਸਿਆ ਨੂੰ ਸੰਬੋਧਨ ਕਰਦਿਆਂ ਕਿਪਹਿਲੀ ਵਾਰ ਪੰਜਾਬ ਦੇ ਇਤਿਹਾਸ ਤੁਸੀਂ ਇੱਕ ਆਮ ਸਧਾਰਨ ਪਰਿਵਾਰ ਚੋਂ ਨਿਕਲੇ ਬੰਦੇ ਨੂੰ ਮੌਕਾ 55 ਹਜਾਰ ਨੌਕਰੀਆਂ, ਪੰਜਾਬ ਚ 10 ਸਾਲਾਂ ਬਾਅਦ ਕਾਲਜਾਂ ਚ ਰੌਣਕਾਂ ਆਈਆਂ ਕਿਉਂਕਿ ਨੌਜਵਾਨਾਂ ਦਾ ਭਰੋਸਾ ਭਗਵੰਤ ਮਾਨ ਚ ਵਧਿਆ, ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਨੂੰ ਘਰ ਘਰ ਤੱਕ ਪਹੁੰਚਾਇਆ ਸ਼੍ਰੀਨਗਰ ਤੋਂ ਨਗਰ ਕੀਰਤਨ ਪਹਿਲੀ ਵਾਰ ਨਿਕਲਿਆ ਜਿੱਥੇ ਮੁੱਖ ਮੰਤਰੀ ਜੰਮੂ ਕਸ਼ਮੀਰ ਦਾ ਵੀ ਆਇਆ ਤੇ ਅਨੰਦਪੁਰ ਸਾਹਿਬ ਤਿੰਨ ਦਿਨ ਵੱਡੇ ਸਮਾਗਮ ਕਰਵਾਏ। ਤੁਸੀਂ ਭਰਾਵੋਂ ਆਉਣ ਵਾਲੀ 14 ਦਸੰਬਰ ਨੂੰ ਵੋਟਾਂ ਪਾ ਕੇ ਰਛਪਾਲ ਸਿੰਘ ਭੁੱਲਰ ਨੂੰ ਕਾਮਯਾਬ ਬਣਾਓ। ਇਸ ਮੌਕੇ ਰਾਜਵੰਤ ਸਿੰਘ ਘੁੱਲੀ ਇੰਚਾਰਜ ਮੁੱਖ ਮੰਤਰੀ ਦਫ਼ਤਰ, ਦਲਵੀਰ ਸਿੰਘ ਢਿੱਲੋ ਚੇਅਰਮੈਨ ਲਘੂ ਉਦਯੋਗ ਨਿਗਮ ਪੰਜਾਬ, ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਜਸਵੀਰ ਸਿੰਘ ਜੱਸੀ ਸੇਖੋਂ, ਸਤਿੰਦਰ ਸਿੰਘ ਚੱਠਾ, ਸਰਪੰਚ ਜਸਵੀਰ ਦਾਸ ਢਢੋਗਲ, ਗਗਨ ਜਵੰਦਾ, ਦਰਸਨ ਸਿੰਘ ਪਾਠਕ, ਅਵਤਾਰ ਸਿੰਘ ਭਸੌੜ, ਆਤਮਾ ਸਿੰਘ, ਸਤਿਨਾਮ ਸਿੰਘ ਢਢੋਗਲ ਮੈਬਰ ਬਲਾਕ ਸੰਮਤੀ, ਅਮਰੀਕ ਸਿੰਘ ਸੋਹੀ, ਸਰਪੰਚ ਜੱਗਾ ਭੋਜੋਵਾਲੀ, ਅਵਤਾਰ ਖਾਨ, ਅਮਰਦੀਪ ਸਿੰਘ ਧਾਦਰਾਂ, ਸਰਪੰਚ ਦਵਿੰਦਰ ਸਿੰਘ ਧੂਰਾ ਹਾਜ਼ਰ ਸਨ।

### ਓਐਸਡੀ ਸੁੱਖੀ ਨੇ ਹਰਜਿੰਦਰ ਸਿੰਘ ਕਾਂਝਲਾ ਦੇ ਹੱਕ ਰੋਡ ਸ਼ੋਅ ਨੂੰ ਕੀਤਾ ਰਵਾਨਾ

# ਪਿੰਡਾਂ ਚੋਂ ਮਿਲਿਆ ਭਰਵਾਂ ਹੁੰਗਾਰਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਦੇ ਓਐਸਡੀ ਸੁਖਬੀਰ ਸਿੰਘ ਸੁੱਖੀ ਨੇ ਬਾਲੀਆਂ ਜੋਨ ਤੋਂ ਆਪ ਦੇ ਉਮੀਦਵਾਰ ਹਰਜਿੰਦਰ ਸਿੰਘ ਕਾਂਝਲਾ ਦੇ ਹੱਕ ਵਿੱਚ ਵੱਖ-ਵੱਖ ਪਿੰਡਾਂ ਦੇ ਲਈ ਰੋਡ ਸੋ ਨੂੰ ਰਵਾਨਾ ਕੀਤਾ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਸੁਖਵੀਰ ਸਿੰਘ ਸੁੱਖੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀਆਂ ਲੋਕ ਭਲਾਈ ਦੇ ਕੰਮਾਂ ਨੂੰ ਦੇਖਦਿਆਂ ਹੋਇਆਂ ਪੰਜਾਬ ਦੀਆਂ ਸਾਰੀਆਂ ਹੀ ਬਲਾਕ ਸੰਮਤੀਆਂ ਅਤੇ ਜਿਲ੍ਹਾ ਪ੍ਰੀਸ਼ਦ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਵੱਡੇ ਮਾਰਜਨ ਨਾਲ ਜਿੱਤ ਪ੍ਰਾਪਤ ਕਰਨਗੇ। ਇਸ ਮੌਕੇ , ਪਰਮਜੀਤ ਸਿੰਘ ਕਾਂਝਲਾ, ਗੁਰਜੀਤ ਸਿੰਘ ਕਾਂਝਲਾ, ਰਣਯੋਧ ਸਿੰਘ ਕਾਂਝਲਾ, ਬਸੰਤ ਕਾਂਝਲਾ, ਸਾਬਕਾ ਸਰਪੰਚ ਅਮਨਦੀਪ ਸਿੰਘ ਕਾਂਝਲਾ, ਸਰਪੰਚ ਕੁਲਵਿੰਦਰ ਸਿੰਘ ਸਿੱਧੂ,ਕੁਲਦੀਪ ਸਿੰਘ ਕਲੇਰ, ਲਾਭ ਸਿੰਘ,ਸਰਪੰਚ ਦਵਿੰਦਰ ਸਿੰਘ ਧੂਰਾ, ਸਰਪੰਚ ਗੋਪਾਲ ਕ੍ਰਿਸਨ ਬੇਨੜਾ, ਗੁਰਚਰਨ ਸਿੰਘ ਕਾਲਾ, ਐਡਵੋਕੇਟ ਹੈਪੀ ਗੋਇਲ,ਸਰਪੰਚ ਮੱਖਣ ਸਿੰਘ, ਸੁਰਜੀਤ ਸਿੰਘ ਪੰਚ ਮੱਖਣ ਸਿੰਘ ਪੰਚ ਕੁਲਵਿੰਦਰ ਸਿੰਘ ਪੰਚ ਗਗਨਦੀਪ ਸਿੰਘ ਪੰਚ,ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਦਲਵੀਰ ਸਿੰਘ ਧੰਦੀਵਾਲ, ਸਰਪੰਚ ਕੁਲਦੀਪ ਸਿੰਘ ਬਾਲੀਆਂ ਹਾਜਰ ਸਨ।

### ਗੁਰੂ ਨਾਨਕ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ

# ਸਾਲਾਨਾ ਜ਼ੋਨਲ ਖੇਡਾਂ ਵਿਚ ਜਿੱਤੇ 19 ਮੈਡਲ ਅਤੇ ਇਕ ਟ੍ਰਾਫੀ




**ਨਵੀਂ ਦਿੱਲੀ 12 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**:-ਗੁਰੂ ਨਾਨਕ ਪਬਲਿਕ ਸਕੂਲ ਰਾਜੌਰੀ ਗਾਰਡਨ ਦੇ ਵਿਦਿਆਰਥੀਆਂ ਨੇ ਜੋਨਲ ਖੇਡਾਂ ਵਿਚ ਇਤਿਹਾਸ ਰਚਦਿਆ 19 ਮੈਡਲ ਅਤੇ ਇਕ ਟ੍ਰਾਫੀ ਜਿੱਤ ਕੇ ਸਕੂਲ ਦਾ ਮਾਨ ਵਧਾਇਆ ਹੈ ।ਜੋਨਲ ਖੇਡਾਂ ਦੀਆਂ ਵੱਖ-ਵੱਖ ਸ਼੍ਰੇਣੀਆਂ ਵਿੱਚ 19 ਮੈਡਲ ਅਤੇ ਖੇਡਾਂ ਵਿੱਚ ਇੱਕ ਟਰਾਫੀ ਪ੍ਰਾਪਤ ਕੀਤੀ ਹੈ, ਜੋ ਕਿ ਸ਼੍ਰੀ ਪ੍ਰਵੀਨ ਕੁਮਾਰ ਕਾਲੜਾ (ਡੀਡੀਈ, ਜ਼ੋਨ 15) ਦੁਆਰਾ ਖੇਡਾਂ ਅਤੇ ਸੱਭਿਆਚਾਰਕ ਸਮਾਗਮਾਂ ਵਿੱਚ ਸਕੂਲ ਵਿਦਿਆਰਥੀਆਂ ਵਲੋਂ ਕੀਤੇ ਗਏ ਸ਼ਾਨਦਾਰ ਪ੍ਰਦਰਸ਼ਨ ਲਈ ਪ੍ਰਦਾਨ ਕੀਤੀ ਗਈ ਹੈ। ਇਸ ਬਾਰੇ ਸਕੂਲ ਮੈਨੇਜਰ ਸਰਦਾਰ ਜਗਜੀਤ ਸਿੰਘ ਨੇ ਖੁਸ਼ ਹੁੰਦਿਆਂ ਕਿਹਾ ਕਿ ਇਹ ਸ਼ਾਨਦਾਰ ਪ੍ਰਾਪਤੀ ਸਾਡੇ ਵਿਦਿਆਰਥੀਆਂ ਦੇ ਸਮਰਪਣ, ਸਾਡੇ ਅਧਿਆਪਕਾਂ ਦੇ ਮਾਰਗਦਰਸ਼ਨ ਅਤੇ ਸਕੂਲ ਪ੍ਰਬੰਧਨ ਕਮੇਟੀ ਦੇ ਅਟੁੱਟ ਵਿਸ਼ਵਾਸ ਦਾ ਬੇਹਤਰੀਨ ਨਤੀਜਾ ਹੈ। ਸਕੂਲ ਦੇ ਚੇਅਰਮੈਨ ਸਰਦਾਰ ਹਰਮਨਜੀਤ ਸਿੰਘ ਨੇ ਕਿਹਾ ਕਿ ਬੱਚਿਆਂ ਦੀ ਸਖ਼ਤ ਮਿਹਨਤ, ਟੀਮ ਵਰਕ ਅਤੇ ਜਨੂੰਨ ਨੇ ਸੱਚਮੁੱਚ ਸਾਡੀ ਸੰਸਥਾ ਨੂੰ ਮਾਣ ਦਿਵਾਇਆ ਹੈ। ਇਸ ਲਈ ਵੱਧ ਤੋਂ ਵੱਧ ਕੋਸ਼ਿਸ਼ ਕਰਦੇ ਰਹੋ, ਅਤੇ ਇਸ ਸਫਲਤਾ ਨੂੰ ਅੱਗੇ ਹੋਰ ਵੀ ਵੱਡੀਆਂ ਪ੍ਰਾਪਤੀਆਂ ਲਈ ਪ੍ਰੇਰਿਤ ਹੁੰਦੇ ਰਹੋ ।ਸਕੂਲ ਪ੍ਰਿੰਸੀਪਲ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਸਕੂਲ ਵਿਦਿਆਰਥੀਆਂ ਨੂੰ ਮਿਲੇ ਮੈਡਲ ਦਾ ਸੇਹਰਾ ਬੱਚਿਆਂ ਅਤੇ ਅਧਿਆਪਕਾਂ ਦੀਆਂ ਸਖ਼ਤ ਮਿਹਨਤ ਦੇ ਨਾਲ ਸਕੂਲ ਪ੍ਰਬੰਧਨ ਦੇ ਸੁਚੱਜੇ ਪ੍ਰਬੰਧ ਨੂੰ ਦਸਿਆ ਤੇ ਉਨ੍ਹਾਂ ਨੇ ਸਭ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿਹਤ ਵਿਭਾਗ ਟੀਮ ਨੇ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਤਹਿਤ ਡ੍ਰਾਈ ਡੇ ਮਨਾਇਆ



ਤਲਵੰਡੀ ਸਾਬੋ, 12 ਦਸੰਬਰ (ਗੁਰਜੰਟ ਸਿੰਘ ਨਥੇਹਾ)- ਸਿਹਤ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਅਤੇ ਸਿਵਲ ਸਰਜਨ ਬਠਿੰਡਾ ਡਾ. ਤਪੀਦਰਜੋਤ ਕੌਸ਼ਲ ਦੀ ਦਿਸ਼ਾ-ਨਿਰਦੇਸ਼ੀ ਹੇਠਾਂ, ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਅਗਵਾਈ ਵਿੱਚ ਬਲਾਕ ਤਲਵੰਡੀ ਸਾਬੋ ਵਿੱਚ ਡੇਂਗੂ ਸਰਵੇਅ ਕੀਤਾ ਗਿਆ ਅਤੇ ਡ੍ਰਾਈ ਡੇ ਮਨਾਇਆ ਗਿਆ। ਇਸ ਮੌਕੇ ਨਗਰ ਕੌਂਸਲ ਤਲਵੰਡੀ ਸਾਬੋ ਅਤੇ ਪਸ਼ੂ ਹਸਪਤਾਲ ਵਿਖੇ ਸਰਵੇਅ ਕੀਤਾ ਗਿਆ। ਇਸ ਤੋਂ ਇਲਾਵਾ ਲੋਕਾਂ ਨੂੰ ਇਹ ਵੀ ਅਪੀਲ ਕੀਤੀ ਗਈ ਕਿ ਉਹ ਇਸਨੂੰ ਆਪਣੀ ਨਿੱਜੀ ਜ਼ਿੰਮੇਵਾਰੀ ਸਮਝਦਿਆਂ ਆਪਣੇ ਫ੍ਰਿਜ਼ ਦੇ ਪਾਣੀ ਵਾਲੇ ਟਰੇ, ਕੂਲਰ, ਤੇ ਪੰਛੀਆਂ ਨੂੰ ਪਾਣੀ ਪਿਲਾਉਣ ਵਾਲੀਆਂ ਪਿਆਲੀਆਂ ਦੀ ਨਿਯਮਿਤ ਸਫ਼ਾਈ ਕਰਦੇ ਰਹਿਣ ਐਸ.ਐਮ.ਓ. ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਹਰ ਸ਼ੁੱਕਰਵਾਰ ਹੈਲਥ ਵਰਕਰ ਘਰ-ਘਰ ਜਾ ਕੇ ਡੇਂਗੂ ਸਰਵੇਅ ਕਰਦੇ ਹਨ, ਪਰ ਲੋਕਾਂ ਨੂੰ ਵੀ ਚਾਹੀਦਾ ਹੈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਸਮਝਣ ਅਤੇ ਸਿਹਤ ਵਿਭਾਗ ਨਾਲ ਮਿਲ ਕੇ ਡੇਂਗੂ ਵਿਰੁੱਧ ਜੰਗ ਵਿੱਚ ਭਾਗੀਦਾਰ ਬਣਨ। ਇਸ ਮੌਕੇ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਬੰਤ ਸਿੰਘ ਅਤੇ ਮਲਟੀਪਰਪਜ਼ ਹੈਲਥ ਵਰਕਰ ਅਮਨਦੀਪ ਸਿੰਘ, ਜਗਸੀਰ ਸਿੰਘ, ਕੁਲਦੀਪ ਸਿੰਘ ਅਤੇ ਗੁਰਸੇਵਕ ਸਿੰਘ ਹਾਜ਼ਰ ਸਨ।

# ਇੰਦੌਰ ਦੇ ਗੁਰਦੁਆਰਾ ਕਰਤਾਰ ਕੀਰਤਨ ਸਾਹਿਬ ਵਿਖੇ ਨਿਤਨੇਮ, ਪੰਜ ਗ੍ਰੰਥੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੀ ਸੰਥਿਆ ਹੋਵੇਗੀ ਸ਼ੁਰੂ



ਨਵੀਂ ਦਿੱਲੀ 12 ਦਸੰਬਰ (ਮਨਪ੍ਰੀਤ ਸਿੰਘ ਖਾਲਸਾ):- ਇੰਦੌਰ ਦੇ ਗੁਰਦੁਆਰਾ ਕਰਤਾਰ ਕੀਰਤਨ ਸਾਹਿਬ ਵਿਖੇ ਦਮਦਮੀ ਟਕਸਾਲ ਦੇ ਸਿੰਘਾਂ ਵੱਲੋਂ ਨਿਤਨੇਮ, ਪੰਜ ਗ੍ਰੰਥੀ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੀ ਸੰਥਿਆ ਲੜੀਵਾਰ ਸੈਂਚੀਆਂ ਰਾਹੀਂ ਆਰੰਭ ਕੀਤੀ ਜਾ ਰਹੀ ਹੈ। ਭੇਜੀ ਗਈ ਜਾਣਕਾਰੀ ਮੁਤਾਬਿਕ 13 ਤਰੀਕ ਨੂੰ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਆਰੰਭ ਹੋਣਗੇ ਜਿਨ੍ਹਾਂ ਦੇ ਭੋਗ 15 ਤਰੀਕ ਨੂੰ ਸਵੇਰੇ ਪਾਏ ਜਾਣਗੇ ਉਪਰੰਤ ਗੁਰਦੁਆਰਾ ਸਾਹਿਬ ਵਿਖ਼ੇ ਦੀਵਾਨ ਸਜਾਏ ਜਾਣਗੇ ਜਿਨ੍ਹਾਂ ਵਿਚ ਭਾਈ ਹਰਦੇਵ ਸਿੰਘ ਦਮਦਮੀ ਟਕਸਾਲ ਕਥਾ ਵਿਚਾਰ ਕਰਣਗੇ ਅਤੇ ਅਖੰਡ ਕੀਰਤਨੀ ਜੱਥਾ ਇੰਦੌਰ ਵਲੋਂ ਸ਼ਬਦੀ ਅਖਾੜੇ ਲਗਣਗੇ ।ਇਥੇ ਦਸਣਯੋਗ ਹੈ ਕਿ ਇਸ ਗੁਰਦੁਆਰਾ ਸਾਹਿਬ ਵਿਖ਼ੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਨਾਲ ਨਿਤਨੇਮ, ਪੰਜ ਗ੍ਰੰਥੀ ਅਤੇ ਸ੍ਰੀ ਦਸਮ ਗ੍ਰੰਥ ਸਾਹਿਬ ਜੀ ਦੀ ਵੀਂ ਸੰਥਿਆ ਕਰਵਾਈ ਜਾਏਗੀ ਜੋ ਕਿ ਬਾ ਦਸਤੂਰ ਜਾਰੀ ਰਹੇਗੀ ।ਜਿਨ੍ਹਾਂ ਨੇ ਗੁਰਬਾਣੀ ਸੰਥਿਆ ਲੈਣੀ ਹੋਏ ਓਹ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨਾਲ ਸੰਪਰਕ ਕਰਕੇ ਸੰਥਿਆ ਦੀ ਕਲਾਸਾਂ ਵਿਚ ਹਾਜ਼ਿਰੀ ਭਰ ਸਕਦਾ ਹੈ ।ਪ੍ਰੋਗਰਾਮ ਵਿਚ ਹਾਜ਼ਿਰੀ ਭਰਣ ਲਈ ਜਦੋ ਦਮਦਮੀ ਟਕਸਾਲ ਦੇ ਕਥਾਵਾਚਕ ਅਤੇ ਵਿਦਿਆਰਥੀ ਗੁਰੂਬਾਣੀ ਦੀਆਂ ਸੈਂਚੀਆਂ, ਨਰੇਲ, ਚੋਰ ਸਾਹਿਬ ਅਤੇ ਹੋਰ ਲੋੜੀਂਦੇ ਸਮਾਨ ਸਮੇਤ ਜਦੋ ਇੰਦੌਰ ਰੇਲਵੇ ਸਟੇਸ਼ਨ ਪਹੁੰਚੇ ਤਦ ਓਥੇ ਸੰਗਤਾਂ ਵਲੋਂ ਉਨ੍ਹਾਂ ਨੂੰ ਜੀ ਆਇਆ ਆਖਦਿਆਂ ਫੁੱਲਾਂ ਦੀ ਵਰਖਾ ਅਤੇ ਨਾਮ ਸਿਮਰਨ ਕਰਦਿਆਂ ਇਕ ਅਲੌਕਿਕ ਨਜਾਰਾ ਬਣਾ ਦਿੱਤਾ ਸੀ ਜਿਸ ਨੂੰ ਦੇਖਦੇ ਹੋਏ ਸਟੇਸ਼ਨ ਤੇ ਹਾਜਿਰ ਲੋਕ ਦੇਖ ਕੇ ਅਸ਼ਚਰਜ ਹੋ ਰਹੇ ਸਨ ।ਇਸ ਪ੍ਰੋਗਰਾਮ ਵਿਚ ਉਚੇਚੇ ਤੌਰ ਤੇ ਦਮਦਮੀ ਟਕਸਾਲ, ਅਖੰਡ ਕੀਰਤਨੀ ਜੱਥਾ, ਸਿੱਖ ਮਿਸ਼ਨਰੀ ਕਾਲਜ ਤੋਂ ਭਾਈ ਹਰਦੀਪ ਸਿੰਘ ਅਤੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ ਤੋਂ ਭਾਈ ਰਤਨਜੀਤ ਸਿੰਘ, ਪ੍ਰਬੰਧਕ ਕਮੇਟੀ ਗੁਰਦੁਆਰਾ ਕਰਤਾਰ ਕੀਰਤਨ ਸਾਹਿਬ ਅਤੇ ਸ਼ਾਹਬਾਜ਼ ਖਾਲਸਾ ਸਮੇਤ ਹੋਰ ਬਹੁਤ ਸਾਰੀ ਜੱਥੇਬੰਦੀਆਂ ਸਹਿਯੋਗ ਦੇ ਰਹੀਆਂ ਹਨ।

# ਅਨਿਲ ਆਦਮ ਮੈਮੋਰੀਅਲ ਵੈਲਫੇਅਰ ਫ਼ਾਊਡੇਸ਼ਨ ਦੀ ਦੀ ਸਥਾਪਨਾ

ਫ਼ਿਰੋਜ਼ਪੁਰ, 12 ਦਸੰਬਰ (ਮਨੋਹਰ ਲਾਲ) :— ਪੰਜਾਬੀ ਦੇ ਮਰਹੂਮ ਨੌਜਵਾਨ ਸ਼ਾਇਰ ਅਨਿਲ ਆਦਮ ਦੀ ਯਾਦ ਨੂੰ ਸਦਾ ਵਾਸਤੇ ਕਾਇਮ ਰੱਖਣ ਲਈ ਫ਼ਿਰੋਜ਼ਪੁਰ ਦੇ ਲੇਖਕਾਂ ਨੇ ਅੱਜ ਇੱਥੇ ਅਨਿਲ ਆਦਮ ਮੈਮੋਰੀਅਲ ਵੈਲਫੇਅਰ ਫ਼ਾਊਡੇਸ਼ਨ ਦੀ ਸਥਾਪਨਾ ਕੀਤੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪ੍ਰੋ: ਜਸਪਾਲ ਘਈ ਨੇ ਦੱਸਿਆ ਕਿ ਨਵੀਂ ਚੁਣੀ ਗਈ ਕਮੇਟੀ ਵਿਚ ਪ੍ਰੋ: ਗੁਰਤੇਜ਼ ਕੋਹਾਰਵਾਲਾ ਅਤੇ ਪ੍ਰੋ: ਜ਼ਸਪਾਲ ਘਈ ਨੂੰ ਸਰਪ੍ਰਸਤ ਚੁਣਿਆ ਗਿਆ ਹੈ, ਜਦੋਂ ਕਿ ਅਨਿਲ ਆਦਮ ਦੀ ਧਰਮ ਪਤਨੀ ਸ਼੍ਰੀਮਤੀ ਅੰਜੁਮ ਸ਼ਰਮਾ ਪ੍ਰਧਾਨ, ਸੁਖਜਿੰਦਰ ਮੀਤ ਪ੍ਰਧਾਨ, ਪ੍ਰੋ: ਕੁਲਦੀਪ ਜਨਰਲ ਸਕੱਤਰ, ਸੁਰਿੰਦਰ ਕੰਬੋਜ ਸਹਾਇਕ ਸਕੱਤਰ, ਰਾਜੀਵ ਖ਼ਿਆਲ ਖਜਾਨਚੀ ਵਜੋਂ ਸੇਵਾਵਾਂ ਨਿਭਾਉਣਗੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਤੋਂ ਇਲਾਵਾ ਹਰਮੀਤ ਵਿਦਿਆਰਥੀ, ਸੰਦੀਪ ਚੌਧਰੀ ਅਤੇ ਮੁਸੱਵਿਰ ਫ਼ਿਰੋਜ਼ਪੁਰੀ ਕਾਰਜਕਾਰਨੀ ਦੇ ਮੈਂਬਰ ਚੁਣੇ ਗਏ ਹਨ। ਮੀਟਿੰਗ ਵਿੱਚ ਸੰਸਥਾ ਨੂੰ ਰਜਿਸਟਰ ਕਰਾਉਣ ਦੀ ਜ਼ਿੰਮੇਵਾਰੀ ਪ੍ਰੋ: ਕੁਲਦੀਪ, ਸੁਰਿੰਦਰ ਕੰਬੋਜ ਅਤੇ ਹਰਮੀਤ ਵਿਦਿਆਰਥੀ ਨੂੰ ਦਿੱਤੀ ਗਈ। ਮੀਟਿੰਗ ਵਿੱਚ ਇਹ ਵੀ ਸਰਬਸੰਮਤੀ ਨਾਲ ਪਾਸ ਹੋਇਆ ਕਿ ਅਨਿਲ ਦੀ ਯਾਦ ਵਿੱਚ ਕੀਤੀਆਂ ਜਾਣ ਵਾਲੀਆਂ ਸਰਗਰਮੀਆਂ ਫ਼ਿਰੋਜ਼ਪੁਰ ਦੀ ਸਰਗਰਮ ਸਾਹਿਤਕ ਸੰਸਥਾ ਕਲਾਪੀਠ ਨਾਲ ਰਲ ਕੇ ਕੀਤੀਆਂ ਜਾਣਗੀਆਂ।



### ਐੱਸ. ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ

# ਵਿਦਿਆਰਥੀਆਂ ਨੇ ਲਗਾਇਆ ਵਿੱਦਿਅਕ ਅਤੇ ਧਾਰਮਿਕ ਟੂਰ







**ਬਰਨਾਲਾ,(ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ ਜੀ. ਐੱਨ. ਇੰਟਰਨੈਸ਼ਨਲ ਸਕੂਲ ਦੀਵਾਨਾ ਦੇ ਵਿਦਿਆਰਥੀਆਂ ਅਤੇ ਸਟਾਫ਼ ਨੇ ਵਿੱਦਿਅਕ ਅਤੇ ਧਾਰਮਿਕ ਟੂਰ ਲਗਾਇਆ। ਇਸ ਦੌਰਾਨ ਸਭ ਤੋਂ ਪਹਿਲਾ ਗੁਰਦੁਆਰਾ ਸ਼੍ਰੀ ਕਰਮਸਰ ਰਾੜਾ ਸਾਹਿਬ ਦੇ ਦਰਸ਼ਨ ਕੀਤੇ, ਇਸ ਤੋਂ ਬਾਅਦ ਚੱਪੜਚਿੜੀ, ਗੁਰਦੁਆਰਾ ਸ਼੍ਰੀ ਜੋਤੀ ਸਰੂਪ ਸਾਹਿਬ, ਗੁਰਦੁਆਰਾ ਬਾਬਾ ਜੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ, ਗੁਰਦੁਆਰਾ ਮੰਜੀ ਸਾਹਿਬ, ਗੁਰਦੁਆਰਾ ਬਾਬਾ ਮੋਤੀ ਰਾਮ ਮਹਿਰਾ ਜੀ ਦੇ ਦਰਸ਼ਨ ਕੀਤੇ। ਇਸ ਤੋਂ ਬਾਅਦ ਛੱਤਬੀੜ ਚਿੜੀਆਘਰ (ਜ਼ੀਰਕਪੁਰ) ਵਿਖੇ ਬੱਚਿਆਂ ਨੇ ਖੂਬ ਮੰਨੋਰੰਜਨ ਕੀਤਾ। ਇਸ ਟੂਰ ਦੌਰਾਨ ਬੱਚਿਆਂ ਨੇ ਸਿੱਖ ਇਤਿਹਾਸ ਬਾਰੇ ਡੂੰਘੀ ਜਾਣਕਾਰੀ ਪ੍ਰਾਪਤ ਕੀਤੀ। ਇਸ ਟੂਰ ਵਿੱਚ ਬੱਚਿਆਂ ਲਈ ਸਕੂਲ ਵੱਲੋਂ ਰਿਫਰੈਸ਼ਮੈਂਟ ਦਾ ਖ਼ਾਸ ਪ੍ਰਬੰਧ ਕੀਤਾ ਗਿਆ ਅਤੇ ਬੱਚਿਆਂ ਲਈ ਇਹ ਟੂਰ ਮਨੋਰੰਜਨ ਦੇ ਨਾਲ ਨਾਲ ਗਿਆਨ ਭਰਪੂਰ ਵੀ ਸੀ। ਇਸ ਮੌਕੇ ਪ੍ਰਿੰਸੀਪਲ ਮੱਖਣ ਸਿੰਘ ਨੇ ਬੋਲਦਿਆਂ ਦੱਸਿਆ ਕਿ ਸਾਡੇ ਸਕੂਲ ਵੱਲੋਂ ਸਮੇਂ ਸਮੇਂ ਤੇ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰ ਅਤੇ ਖੇਡ ਗਤੀਵਿਧੀਆਂ ਵੱਲ ਵੀ ਖਾਸ ਧਿਆਨ ਦਿੱਤਾ ਜਾਂਦਾ ਹੈ ਤਾਂ ਕਿ ਬੱਚਿਆਂ ਦਾ ਸਰਵਪੱਖੀ ਵਿਕਾਸ ਹੋ ਸਕੇ ਇਸ ਟੂਰ ਦੇ ਖਾਸ ਮੌਕੇ ਤੇ ਸਮੂਹ ਸਟਾਫ਼ ਵੀ ਹਾਜ਼ਿਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਰਤ ਵਿਚ ਵੱਧ ਰਹੀ ਨਸ਼ਿਆਂ ਦੀ ਪ੍ਰਵਿਰਤੀ ਯਾਰਾਂ ਸਾਲਾਂ ਦੇ : ਪੀ.ਸੀ ਕੁਮਾਰ



ਫ਼ਿਰੋਜ਼ਪੁਰ, 12 ਦਸੰਬਰ (ਮਨੋਹਰ ਲਾਲ) :— ਭਾਰਤ ਵਿਚ ਹੁਣੇ—ਹੁਣੇ ਛਪੀ ਮੈਡੀਕਲ ਜਨਰਲ ਆਫ ਇੰਡੀਆ ਯਾਰਾਂ ਸ਼ਹਿਰਾਂ ਜਿਸ ਵਿਚ ਚੰਡੀਗੜ੍ਹ ਵੀ ਆਉਂਦਾ ਹੈ, ਯਾਰਾਂ ਸਾਲਾਂ ਭਾਵ ਅੱਠਵੀਂ, ਦਸਵੀਂ ਤੋਂ ਘੱਟ ਉਮਰ ਦੇ ਬੱਚੇ ਲੜਕੇ ਹੀ ਨਹੀਂ ਲੜਕੀਆਂ ਵਿਚ ਨਸ਼ੇ ਦੀ ਗ੍ਰਿਫਤ ਵਿਚ ਆ ਰਹੀਆਂ ਹਨ। ਇਹ ਵਿਚਾਰ ਪੀ.ਸੀ ਕੁਮਾਰ ਨੇ ਸਾਂਝੇ ਕਰਦਿਆਂ ਕਿਹਾ ਕਿ ਫਿਕਰ ਕਰ ਨਾਦਾਂ ਹੁਣੇ—ਹੁਣੇ ਛਪੀ ਮੈਡੀਕਲ ਜਨਰਲ ਆਫ ਇੰਡੀਆ ਯਾਰਾਂ ਸ਼ਹਿਰਾਂ ਅਗਾਂਹ ਵਧੂ ਪੜ੍ਹੇ—ਲਿਖੇ ਜਿਨ੍ਹਾਂ ਵਿਚ ਚੰਡੀਗੜ੍ਹ ਵੀ ਆਉਂਦਾ ਹੈ, ਹੁਣ ਕੁੜੀਆਂ—ਮੁੰਡੇ ਹਾਈ ਕਲਾਸਾਂ ਤੋਂ ਥੱਲੇ ਦੇ ਬੱਚਿਆਂ ਨੇ ਵੀ ਨਸ਼ਿਆਂ ਹਰ ਕਿਸਮ ਦੇ ਫਿਕਰ ਕਰ ਹੁਣ ਵੇਖੋਂ—ਵੇਖੀ 14 ਸਾਲਾਂ ਤੋਂ ਘੱਟ ਉਮਰ ਦੀਆਂ ਲੜਕੀਆਂ—ਲੜਕੇ ਨਸ਼ਿਆਂ ਦੀ ਗ੍ਰਿਫਤ ਵਿਚ ਫਸ ਗਏ ਹਨ। ਉਨ੍ਹਾਂ ਕਿਹਾ ਕਿ ਜ਼ੋ ਰਿਪੋਰਟ ਫਿਕਰ ਕਰ ਨਾਦਾਂ ਭਾਰਤ ਅਗਾਂਹ ਵਧੂ ਪੜ੍ਹੇ—ਲਿਖੇ ਯਾਰਾਂ ਸ਼ਹਿਰਾਂ ਜਿਨ੍ਹਾਂ ਵਿਚ ਚੰਡੀਗੜ੍ਹ ਵੀ ਜ਼ੋ ਚੋਦਾ ਸਾਲਾਂ ਤੋਂ ਘੱਟ ਲੜਕੇ—ਲੜਕੀਆਂ ਹਰ ਕਿਸਮ ਦੇ ਨਸ਼ਿਆਂ ਦੀ ਪਕੜ ਵਿਚ ਆ ਗਏ, ਜ਼ੋ ਹੁਣ ਮੈਡੀਕਲ ਜਨਰਲ ਆਫ ਇੰਡੀਆ ਦੀ ਰਿਪੋਰਟ ਨੇ ਵੀ ਤਸਦੀਕ ਕੀਤੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਚਿਆਂ ਨੂੰ ਨਸ਼ੇ ਦੀ ਗ੍ਰਿਫਤ ਤੋਂ ਮੁਕਤ ਕਰਨ ਲਈ ਸਾਨੂੰ ਆਪਣੇ ਬੱਚਿਆਂ ਦੇ ਨਾਲ—ਨਾਲ ਆਸ—ਪਾਸ ਵਸਦੇ ਬੱਚਿਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾ ਕੇ ਇਨ੍ਹਾਂ ਨਸ਼ਿਆਂ ਤੋਂ ਬਚਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਤਾਂ ਜ਼ੋ ਸਾਡੀ ਆਉਣ ਵਾਲੀ ਪੀੜ੍ਹੀ ਨਸ਼ਿਆਂ ਤੋਂ ਮੁਕਤ ਹੋ ਸਕੇ। ਉਨ੍ਹਾਂ ਕਿਹਾ ਕਿ ਸਮੇਂ ਦੀ ਮੰਗ ਹੈ ਕਿ ਹੁਣ ਸਕੂਲਾਂ ਵਿਚ ਵੀ ਇਕ ਪੀਰੀਅਡ ਬੱਚਿਆਂ ਦਾ ਨਸ਼ਿਆਂ ਤੋਂ ਬਚਣ ਲਈ ਲਗਾਉਣਾ ਚਾਹੀਦਾ ਹੈ ਤਾਂ ਜ਼ੋ ਨਸ਼ਿਆਂ ਦੇ ਖਾਤਮੇ ਦੇ ਨਾਲ—ਨਾਲ ਬੱਚਿਆਂ ਨੂੰ ਭੈੜੀਆਂ ਅਲਾਮਤਾਂ ਤੋਂ ਦੂਰ ਕੀਤਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲ੍ਹਾ ਮੈਜਿਸਟਰੇਟ ਨੇ ਗਿਣਤੀ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਵੱਖ-ਵੱਖ ਪਾਬੰਦੀਆਂ ਲਗਾਈਆਂ

**ਜੰਡਿਆਲਾ ਗੁਰੂ , 12 ਦਸੰਬਰ ( ਕੁਲਵੰਤ ਸਿੰਘ ਵਿਰਦੀ )**-ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਮਿਤੀ 14 ਦਸੰਬਰ 2025 ਨੂੰ ਕਰਵਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਨਤੀਜਾ 17 ਦਸੰਬਰ 2025 ਨੂੰ ਘੋਸ਼ਿਤ ਕੀਤਾ ਜਾਵੇਗਾ। ਇਨ੍ਹਾਂ ਚੋਣਾਂ ਲਈ ਜ਼ਿਲ੍ਹਾ ਅਮ੍ਰਿਤਸਰ ਵਿੱਚ 7 ਸਟਰਾਂਗ ਰੂਮ ਅਤੇ ਗਿਣਤੀ ਵਾਸਤੇ 7 ਗਿਣਤੀ ਕੇਂਦਰ ਬਣਾਏ ਗਏ ਹਨ, ਜਿਨਾਂ ਵਿੱਚ ਜਿਲ੍ਹਾ ਪ੍ਰੀਸ਼ਦ /ਪੰਚਾਇਤ ਸੰਮਤੀ ਅਜਨਾਲਾ ਅਤੇ ਰਮਦਾਸ ਲਈ ਸਰਕਾਰੀ ਕਾਲਜ ਅਜਨਾਲਾ, ਅਟਾਰੀ ਅਤੇ ਵੇਰਕੇ ਲਈ ਬੀ.ਬੀ.ਕੇ.ਡੀ.ਏ.ਵੀ. ਕਾਲਜ ਅੰਮ੍ਰਿਤਸਰ, ਚੋਗਾਵਾਂ ਅਤੇ ਹਰਸ਼ਾ ਛੀਨਾ ਲਈ ਸਰਕਾਰੀ ਨਰਸਿੰਗ ਕਾਲਜ ਮੈਡੀਕਲ ਇਨਕਲੇਵ, ਜੰਡਿਆਲਾ ਗੁਰੂ ਲਈ ਸੈਂਟ ਸੋਲਜ਼ਰ ਇਲੀਟ ਕਾਨਵੈਂਟ ਸਕੂਲ ਜੰਡਿਆਲਾ ਗੁਰੂ, ਮਜੀਠਾ ਲਈ ਹਾਲ ਖੱਬਾ ਪਾਸਾ ਦੂਸਰੀ ਮੰਜਿਲ ਮਾਈ ਭਾਗੋ ਸਰਕਾਰੀ ਬਹੁਤਕਨੀਕੀ ਕਾਲਜ ਲੜ੍ਹਕੀਆਂ ਮਜੀਠਾ ਰੋਡ, ਅਤੇ ਮਜੀਠਾ-2 ਲਈ ਹਾਲ ਸੱਜਾ ਪਾਸਾ ਦੂਸਰੀ ਮੰਜਿਲ ਮਾਈ ਭਾਗੋ ਸਰਕਾਰੀ ਬਹੁਤਕਨੀਕੀ ਕਾਲਜ ਲੜ੍ਹਕੀਆਂ ਮਜੀਠਾ ਰੋਡ ਅੰਮ੍ਰਿਤਸਰ ਅਤੇ ਰਈਆ ਲਈ ਸ੍ਰੀਮਾਤਾ ਗੰਗਾ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਸਾਹਿਬ ਵਿਖੇ ਹੋਵੇਗੀ।ਜ਼ਿਲ੍ਹਾ ਮੈਜਿਸਟਰੇਟ ਅਮ੍ਰਿਤਸਰ ਸ ਦਲਵਿੰਦਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇਨ੍ਹਾਂ ਚੋਣਾਂ ਦੇ ਸੁਤੰਤਰ, ਨਿਰਪੱਖ, ਸ਼ਾਂਤੀਪੂਰਨ ਅਤੇ ਰਾਜ ਚੋਣ ਕਮਿਸ਼ਨ, ਪੰਜਾਬ ਦੇ ਨਿਰਦੇਸ਼ਾਂ ਅਤੇ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਲਈ ਮਿਤੀ 14 ਦਸੰਬਰ 2025 ਦੀ ਸ਼ਾਮ 4:00 ਵਜੇ ਤੋਂ ਮਿਤੀ 17 ਦਸੰਬਰ 2025 ਤੱਕ ਉਕਤ ਸਮੂਹ ਗਿਣਤੀ ਕੇਂਦਰਾਂ ਦੇ 100 ਮੀਟਰ ਦੇ ਘੇਰੇ ਵਿੱਚ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ/ਗਤੀਵਿਧੀਆਂ ਕਰਨ 'ਤੇ ਪਾਬੰਦੀ ਹੋਵੇਗੀ। ਇਹ ਹੁਕਮ ਚੋਣ ਡਿਊਟੀ ਉੱਪਰ ਤਾਇਨਾਤ ਅਧਿਕਾਰੀਆਂ ਤੇ ਕਰਮਚਾਰੀਆਂ ਉੱਪਰ ਲਾਗੂ ਨਹੀਂ ਹੋਵੇਗੀ।ਚੋਣਾਂ ਦੀ ਗਿਣਤੀ ਵਾਲੇ ਸਥਾਨਾਂ ਦੇ 100 ਮੀਟਰ ਦੇ ਘੇਰੇ ਅੰਦਰ ਕੋਈ ਵੀ ਵਿਅਕਤੀ ਸਿਵਾਏ ਰਾਜ ਚੋਣ ਕਮਿਸ਼ਨ, ਪੰਜਾਬ, ਜ਼ਿਲ੍ਹਾ ਚੋਣ ਅਫ਼ਸਰ ਅਤੇ ਸਬੰਧਿਤ ਰਿਟਰਨਿੰਗ ਅਫ਼ਸਰ ਵੱਲੋਂ ਅਧਿਕਾਰਤ ਵਿਅਕਤੀ ਤੋਂ ਬਿਨ੍ਹਾਂ ਆਪਣਾ ਪ੍ਰਾਈਵੇਟ ਵਾਹਨ ਲੈ ਕੇ ਜਾਣ ਦੀ ਮਨਾਹੀ ਹੋਵੇਗੀ। ਚੋਣਾਂ ਦੀ ਗਿਣਤੀ ਵਾਲੇ ਸਥਾਨਾਂ ਦੇ 100 ਮੀਟਰ ਦੇ ਘੇਰੇ ਵਿੱਚ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ ਜੋ ਚੋਣ ਪ੍ਰੀਕ੍ਰਿਆ ਨੂੰ ਪ੍ਰਭਾਵਿਤ ਕਰਦੀ ਹੋਵੇ 'ਤੇ ਮੁਕੰਮਲ ਪਾਬੰਦੀ ਹੋਵੇਗੀ।



ਜ਼ਿਲ੍ਹਾ ਮੈਜਿਸਟਰੇਟ ਨੇ ਮਾਮਲੇ ਦੀ ਤਤਪਰਤਾ ਨੂੰ ਮੁੱਖ ਰੱਖਦੇ ਹੋਏ ਮਨਾਹੀ ਦਾ ਇਹ ਹੁਕਮ ਇੱਕਤਰਫ਼ਾ ਪਾਸ ਕਰਕੇ ਆਮ ਜਨਤਾ ਦੇ ਨਾਮ ਸੰਬੋਧਿਤ ਕੀਤਾ ਹੈ, ਜੋ ਮਿਤੀ 17 ਦਸੰਬਰ 2025 ਤੱਕ ਲਾਗੂ ਰਹੇਗਾ।

# ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਚੋਣਾਂ ਦੇ ਮੱਦੇਨਜ਼ਰ ਡਰਾਈ ਡੇਅ ਘੋਸ਼ਿਤ

ਜੰਡਿਆਲਾ ਗੁਰੂ 12 ਦਸੰਬਰ ( ਕੁਲਵੰਤ ਸਿੰਘ ਵਿਰਦੀ ) - ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਸੂਬੇ ਵਿੱਚ 14 ਦਸੰਬਰ 2025 ਨੂੰ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀ ਦੀਆਂ ਆਮ ਚੋਣਾਂ ਕਰਵਾਈਆਂ ਜਾ ਰਹੀਆਂ ਹਨ ਅਤੇ ਇਹਨਾਂ ਚੋਣਾਂ ਦਾ ਨਤੀਜਾ 17 ਦਸੰਬਰ 2025 ਨੂੰ ਘੋਸ਼ਿਤ ਕੀਤਾ ਜਾਵੇਗਾ। ਇਸ ਸਬੰਧੀ ਰਾਜ ਚੋਣ ਕਮਿਸ਼ਨਰ ਪੰਜਾਬ ਵੱਲੋਂ ਅਤੇ ਆਬਕਾਰੀ ਕਮਿਸ਼ਨਰ ਪੰਜਾਬ ਵੱਲੋਂ ਜਾਰੀ ਹੁਕਮਾਂ ਤਹਿਤ ਮਿਤੀ 14 ਦਸੰਬਰ 2025 ਨੂੰ 00:00 ਵਜੇ ਤੋਂ ਮਿਤੀ 15 ਦਸੰਬਰ 2025 ਨੂੰ ਸਵੇਰੇ 10:00 ਵਜੇ ਤੱਕ ਰਾਜ ਦੇ ਸਮੂਹ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਅਧਿਕਾਰ ਖੇਤਰ ਅਧੀਨ ਆਉਣ ਵਾਲੇ ਪਿੰਡਾਂ ਵਿੱਚ ਡਰਾਈ ਡੇਅ ਘੋਸ਼ਿਤ ਕੀਤਾ ਗਿਆ ਹੈ।ਇਹਨਾਂ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਮੈਜਿਸਟਰੇਟ, ਅਮ੍ਰਿਤਸਰ ਸ ਦਲਵਿੰਦਰਜੀਤ ਸਿੰਘ ਨੇ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਿਤੀ 14 ਦਸੰਬਰ 2025 ਨੂੰ 00:00 ਵਜੇ ਤੋਂ ਮਿਤੀ 15 ਦਸੰਬਰ 2025 ਨੂੰ ਸਵੇਰੇ 10:00 ਵਜੇ ਤੱਕ ਜ਼ਿਲੇ ਦੇ ਸਮੂਹ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਅਧਿਕਾਰ ਖੇਤਰ ਅਧੀਨ ਆਉਣ ਵਾਲੇ ਪਿੰਡਾਂ ਵਿੱਚ ਡਰਾਈ ਡੇਅ ਘੋਸ਼ਿਤ ਕਰਦੇ ਹੋਏ ਸ਼ਰਾਬ ਦੇ ਠੇਕੇ ਖੋਲ੍ਹਣ, ਸ਼ਰਾਬ ਵੇਚਣ ਅਤੇ ਸ਼ਰਾਬ ਨੂੰ ਸਟੋਰ ਕਰਨ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਹੁਕਮ ਹੋਟਲਾਂ, ਕਲੱਬਾਂ ਅਤੇ ਸ਼ਰਾਬ ਦੇ ਅਹਾਤਿਆਂ ਆਦਿ ਜਿੱਥੇ ਸ਼ਰਾਬ ਵੇਚਣ ਦੀ ਕਾਨੂੰਨੀ ਇਜਾਜ਼ਤ ਹੈ, ਉਹਨਾਂ ਉੱਪਰ ਵੀ ਲਾਗੂ ਹੋਣਗੇ।ਇਹ ਹੁਕਮ ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇੱਕ ਤਰਫਾ ਜਾਰੀ ਕਰਕੇ ਆਮ ਜਨਤਾ ਦੇ ਨਾਮ ਸੰਬੋਧਨ ਕੀਤਾ ਗਿਆ ਹੈ। ਸੀਨੀਅਰ ਪੁਲਿਸ ਕਪਤਾਨ ਦਿਹਾਤੀ ਅੰਮ੍ਰਿਤਸਰ ਅਤੇ ਸਹਾਇਕ ਕਮਿਸ਼ਨਰ ਆਬਕਾਰੀ ਅਮ੍ਰਿੰਤਸਰ, ਆਬਕਾਰੀ ਅਫ਼ਸਰ ਅੰਮ੍ਰਿਤਸਰ ਇਸ ਹੁਕਮ ਦੀ ਸਖ਼ਤੀ ਨਾਲ ਪਾਲਣਾ ਕਰਵਾਉਣੀ ਯਕੀਨੀ ਬਣਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦਿੱਲੀ ਗੁਰਦੁਆਰਾ ਕਮੇਟੀ

# ਦਿੱਲੀ ਸਰਕਾਰ ਨੂੰ ਸਨਮਾਨਤ ਕਰੇਗੀ: ਕਾਲਕਾ, ਕਾਹਲੋਂ



**ਨਵੀਂ ਦਿੱਲੀ, 12 ਦਸੰਬਰ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਦੀ ਅਗਵਾਈ ਹੇਠ ਦਿੱਲੀ ਸਰਕਾਰ ਵੱਲੋਂ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਦੇ ਪਰਿਵਾਰਕ ਮੈਂਬਰੀਆਂ ਨੂੰ ਨੌਕਰੀਆਂ ਦੇਣ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਫਲਤਾਪੂਰਵਕ ਆਯੋਜਿਤ ਕਰਨ ਵਾਸਤੇ ਦਿੱਲੀ ਗੁਰਦੁਆਰਾ ਕਮੇਟੀ ਦਿੱਲੀ ਸਰਕਾਰ ਦਾ ਸਨਮਾਨਤ ਕਰੇਗੀ। ਕਰਵਾਏ ਗਏ ਇਕ ਸਮਾਗਮ ਵਿਚ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਉਹਨਾਂ ਕੋਲ ਸ਼ਬਦ ਨਹੀਂ ਹਨ ਜਿਹਨਾਂ ਨਾਲ ਉਹ ਦਿੱਲੀ ਦੀ ਰੇਖਾ ਗੁਪਤਾ ਸਰਕਾਰ ਦਾ ਧੰਨਵਾਦ ਕਰਨ ਜਿਸਨੇ ਸਾਰੇ ਨਿਯਮਾਂ ਕਾਨੂੰਨਾਂ ਵਿਚ ਛੋਟ ਦੇ ਕੇ 1984 ਦੇ ਸਿੱਖ ਕਤਲੇਆਮ ਦੇ ਪੀੜਤ ਪਰਿਵਾਰਾਂ ਦੇ ਜੀਆਂ ਨੂੰ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਉਹਨਾਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿਚ ਕਦੇ ਵੀ ਇਸ ਤਰੀਕੇ ਨੌਕਰੀਆਂ ਪ੍ਰਦਾਨ ਨਹੀਂ ਕੀਤੀਆਂ ਗਈਆਂ। ਉਹਨਾਂ ਕਿਹਾ ਕਿ ਇਹ ਨੌਕਰੀਆਂ ਸਿਰਫ ਰੋਜ਼ਗਾਰ ਦਾ ਸਾਧਨ ਨਹੀਂ ਬਲਕਿ ਇਹਨਾਂ ਪਰਿਵਾਰਾਂ ਦੇ ਜ਼ਖ਼ਮਾਂ ’ਤੇ ਮੱਲ੍ਹਮ ਲਾਉਣ ਦਾ ਇਕ ਜ਼ਰੀਆ ਹਨ। ਉਹਨਾਂ ਕਿਹਾ ਕਿ ਇਹ ਨੌਕਰੀਆਂ ਇਸ ਨੂੰ ਵੀ ਦਰਸਾਉਂਦੀਆਂ ਹਨ ਕਿ ਰੇਖਾ ਗੁਪਤਾ ਦੀ ਅਗਵਾਈ ਹੇਠ ਸਰਕਾਰ 1984 ਦੇ ਕਤਲੇਆਮ ਪੀੜਤਾਂ ਦੇ ਨਾਲ ਡੱਟ ਕੇ ਖੜ੍ਹੀ ਸੀ ਤੇ ਖੜ੍ਹੀ ਹੈ। ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਸਿਰਫ ਇਹੀ ਨਹੀਂ ਬਲਕਿ ਰੇਖਾ ਗੁਪਤਾ ਸਰਕਾਰ ਨੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ’ਤੇ ਲਾਲ ਕਿਲ੍ਹੇ ’ਤੇ ਇਤਿਹਾਸਕ ਸਮਾਗਮ ਆਯੋਜਿਤ ਕਰ ਕੇ ਵੀ ਇਹ ਸਾਬਤ ਕੀਤਾ ਹੈ ਕਿ ਇਹ ਸਰਕਾਰ ਸਿੱਖ ਕੌਮ ਦੀ ਬੇਹਤਰੀ, ਭਲਾਈ, ਤਰੱਕੀ ਤੇ ਵਿਕਾਸ ਵਾਸਤੇ ਕਿੰਨੀ ਸੰਜੀਦਾ ਹੈ। ਉਹਨਾਂ ਕਿਹਾ ਕਿ ਇਸ ਸਰਕਾਰ ਖਾਸ ਤੌਰ ’ਤੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਦੀ ਸ਼ਲਾਘਾ ਵਾਸਤੇ ਉਹਨਾਂ ਕੋਲ ਸ਼ਬਦਾਂ ਹੀ ਨਹੀਂ ਹਨ। ਉਹਨਾਂ ਕਿਹਾ ਕਿ ਇਹਨਾਂ ਇਤਿਹਾਸਕ ਕਾਰਜਾਂ ਵਾਸਤੇ ਉਹ ਦਿੱਲੀ ਦੀ ਸਮੁੱਚੀ ਸਰਕਾਰ ਦਾ ਧੰਨਵਾਦ ਕਰਨਾ ਚਾਹੁੰਦੇ ਹਨ ਤੇ ਇਸ ਵਾਸਤੇ ਇਕ ਅਹਿਮ ਸਮਾਗਮ ਕਰਨ ਵਾਸਤੇ ਦਿੱਲੀ ਸਰਕਾਰ ਨੂੰ ਬੇਨਤੀ ਕੀਤੀ ਹੈ ਜਿਸਦੇ ਪ੍ਰਵਾਨ ਹੋਣ ’ਤੇ ਇਹ ਵਿਸ਼ਾਲ ਤੇ ਪ੍ਰਭਾਵਸ਼ਾਲੀ ਸਮਾਗਮ ਕਰ ਕੇ ਦਿੱਲੀ ਦੇ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ, ਸ੍ਰੀ ਪ੍ਰਵੇਸ਼ ਵਰਮਾ, ਸ੍ਰੀ ਕਪਿਲ ਮਿਸ਼ਰਾ ਤੇ ਹੋਰਨਾਂ ਦਾ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਮੀਤ ਪ੍ਰਧਾਨ ਆਤਮਾ ਸਿੰਘ ਲੁਬਾਣਾ ਨੇ ਵੀ ਦਿੱਲੀ ਸਰਕਾਰ, ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਤੇ ਹੋਰ ਮੰਤਰੀਆਂ ਤੇ ਅਧਿਕਾਰੀਆਂ ਦਾ ਧੰਨਵਾਦ ਕੀਤਾ ਜਿਹਨਾਂ ਨੇ ਨਿਯਮਾਂ ਵਿਚ ਛੋਟ ਕੇ 1984 ਦੇ ਸਿੱਖ ਕਤਲੇਆਮ ਦੇ ਪੀੜਤਾਂ ਦੇ ਪਰਿਵਾਰਕ ਜੀਆਂ ਲਈ ਨੌਕਰੀਆਂ ਯਕੀਨੀ ਬਣਾਈਆਂ।

ਸ੍ਰੀ ਫਤਹਿਗੜ੍ਹ ਸਾਹਿਬ ਨੂੰ ਪੈਦਲ ਯਾਤਰਾ

# ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਤੋਂ 17 ਦਸੰਬਰ ਤੋਂ 20 ਦਸੰਬਰ ਤੱਕ



**17 ਦਸੰਬਰ ਨੂੰ ਸਵੇਰੇ 7 ਵੱਜ ਕਿ 30 ਮਿੰਟ ਤੇ ਯਾਤਰਾ ਆਰੰਭ ਹੋਵੇਗੀ ਹੇਠਾਂ ਦਿੱਤੇ ਨੰਬਰ ਤੇ ਸੰਪਰਕ ਕਰਕੇ ਨਾਮ ਦਰਜ ਕਰਵਾਓ-ਬਾਬਾ ਬਿਬੇਕ ਸਿੰਘ**

ਜੰਡਿਆਲਾ ਗੁਰੂ 12 ਦਸੰਬਰ (ਕੁਲਵੰਤ ਸਿੰਘ ਵਿਰਦੀ )ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਅਕਾਲੀ ਦਲ ਵਾਰਿਸ ਪੰਜਾਬ ਦੇ ਸੀਨੀਅਰ ਆਗੂ ਹਲਕਾ ਜੰਡਿਆਲਾ ਗੁਰੂ ਨੇ ਗੱਲਬਾਤ ਦੌਰਾਨ ਦੱਸਿਆ ਕਿ ਦਸਮੇਸ਼ ਪਿਤਾ ਸਰਬੰਸ ਦਾਨੀ ਸਾਹਿਬੇ ਕਮਾਲ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ,ਮਾਤਾ ਗੁਜਰ ਕੌਰ ਜੀ, ਚਾਰ ਸਾਹਿਬਜ਼ਾਦਿਆਂ, ਤੇ ਮੋਤੀ ਰਾਮ ਮਹਿਰਾ ਜੀ ਦੀ ਯਾਦ ਵਿੱਚ ਪ੍ਰੀਵਾਰ ਵਿਛੋੜੇ ਦੀ ਸਹਾਦਤ ਤੇ ਸੈਂਕੜੇ ਸਿੰਘਾਂ ਸਿੰਘਣੀਆਂ ਦੀ ਸਹਾਦਤ ਨੂੰ ਪ੍ਰਣਾਮ ਕਰਨ ਲਈ ਪੈਦਲ ਯਾਤਰਾ ਸ੍ਰੀ ਫਤਹਿਗੜ੍ਹ ਸਾਹਿਬ ਜੀ ਨੂੰ 17 ਦਸੰਬਰ 2025 ਤੋਂ 20 ਦਸੰਬਰ ਤੱਕ ਆਰੰਭ ਹੋ ਰਹੀ ਹੈ ! ਅੱਗੇ ਉਨਾਂ ਕਿਹਾ ਕਿ ਇਹ ਯਾਤਰਾ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਤੋਂ 17 ਦਸੰਬਰ ਦਿਨ ਬੁੱਧਵਾਰ ਨੂੰ ਸਵੇਰੇ 7 ਵੱਜ ਕਿ 30 ਮਿੰਟ ਤੇ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਆਰੰਭ ਹੋਵੇਗੀ ਅਤੇ 20 ਦਸੰਬਰ ਨੂੰ ਫਤਹਿਗੜ੍ਹ ਸਾਹਿਬ ਵਿਖੇ ਹਾਜਰੀਆਂ ਭਰੇਗੀ !ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਤੇ ਇਲਾਕਾ ਨਿਵਾਸੀ ਸੰਗਤਾਂ ਨੂੰ ਯਾਤਰਾ ਵਿੱਚ ਸ਼ਾਮਲ ਹੋਣ ਲਈ ਬੇਨਤੀ ਕੀਤੀ ਜਾਂਦੀ ਹੈ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਜਿੰਨਾਂ ਸੰਗਤਾਂ ਨੇ ਯਾਤਰਾ ਵਿੱਚ ਸ਼ਾਮਿਲ ਹੋਣਾ ਹੈ ਉਹ ਸੰਗਤਾਂ 978-10-13856 ਦਿੱਤੇ ਗਏ ਨੰਬਰ ਤੇ ਸੰਪਰਕ ਕਰਕੇ ਆਪਣਾ ਨਾਮ ਦਰਜ ਕਰਵਾਓ ਅਤੇ ਗੁਰੂ ਸਾਹਿਬ ਜੀ ਦੀਆਂ ਬਖਸਿਸਾਂ ਦੇ ਪਾਤਰ ਬਣੋ !ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਛੋਟੀ ਉਮਰ ਵਿੱਚ ਜੁਲਮ ਤੇ ਜਾਲਮ ਨਾਲ ਟਾਕਰਾ ਲੈਣ ਲਈ ਆਪਣੇ ਪਿਤਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਸਰਿਸਟ ਦੀ ਚਾਦਰ ਬਣਾ ਕਿ ਦਿੱਲੀ ਵਿਖੇ ਭੇਜਿਆ ਜਿੱਥੇ ਜੁਲਮ ਵਿਰੁੱਧ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੂੰ ਕੁਰਬਾਨ ਕੀਤਾ ਅਤੇ ਫਿਰ ਸਮੂਹ ਪ੍ਰੀਵਾਰ ਨੂੰ ਸਾਡੇ ਤੋਂ ਕੁਰਬਾਨ ਕਰ ਦਿੱਤਾ ਜਿਨਾਂ ਵਿੱਚ ਛੋਟੀ ਉਮਰ ਦੇ ਬਾਬੇ 7 ਤੇ 9 ਸਾਲ ਦਿਆਂ ਨੇ ਸੂਬਾ ਸਰਹੰਦ ਦੀ ਕਚਹਿਰੀ ਵਿੱਚ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ ਗਜਾ ਕਿ ਦੁਸ਼ਮਣ ਦੇ ਸਾਹ ਸੁਕਾ ਦਿੱਤੇ ਅਤੇ ਆਖਿਰ ਚ ਦੁਸ਼ਮਣ ਨੇ ਛੋਟੇ ਸਾਹਿਬਜ਼ਾਦਿਆਂ ਨੂੰ ਨੀਹਾਂ ਵਿੱਚ ਚਿਣ ਕਿ ਸ਼ਹੀਦ ਕਰ ਦਿੱਤਾ ਅਤੇ ਵੱਡੇ ਸਹਿਬਜਾਦੇ ਚਮਕੌਰ ਦੀ ਗੜ੍ਹੀ ਵਿੱਚ ਦੁਸ਼ਮਣ ਨੂੰ ਵਹਿਢੇਰੀ ਕਰਦੇ ਹੋਏ ਸ਼ਹੀਦ ਹੋ ਗਏ ਅਤੇ ਸਾਹਿਬਜ਼ਾਦਿਆਂ ਨੂੰ ਸਹੀਦ ਹੁੰਦਿਆਂ ਵੇਖ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ ਬੋਲੇ ਸੋ ਨਿਹਾਲ ਸਤਿ ਸ੍ਰੀ ਅਕਾਲ ਦੇ ਜੈਕਾਰੇ ਗਜਾਏ ਤੇ ਖਾਲਸਾ ਪੰਥ ਸਜਾ ਕਿ ਸਾਨੂੰ ਜਿਊਣਾ ਸਿਖਾਇਆ ਅਤੇ ਅੱਜ ਅਸੀਂ ਉਨਾਂ ਦੀ ਕੁਰਬਾਨੀ ਸਦਕਾ ਸੰਸਾਰ ਵਿੱਚ ਉਚਾ ਸਿਰ ਕਰਕੇ ਜਿਊਂ ਰਹੇ ਹਾਂ ! ਇਸ ਯਾਤਰਾ ਸੰਬੰਧੀ ਅਕਾਲੀ ਦਲ ਵਾਰਿਸ ਪੰਜਾਬ ਦੇ ਸਮੂਹ ਜਥੇਬੰਦੀ ਅਤੇ ਭਾਈ ਅਮਨਦੀਪ ਸਿੰਘ ਡੱਡੂਆਣਾ, ਬਾਪੂ ਬਲਵੰਤ ਸਿੰਘ ਪੰਡੋਰੀ, ਭਾਈ ਜਰਮਨਜੀਤ ਸਿੰਘ ਤਰਸਿੱਕਾ, ਭਾਈ ਗੁਰਪ੍ਰੀਤ ਸਿੰਘ ਡਪਈਆਂ, ਭਾਈ ਦਲੀਪ ਸਿੰਘ ਏਕਲਗੱਡਾ, ਭਾਈ ਜਤਿੰਦਰ ਸਿੰਘ ਮਹਿਤਾ, ਭਾਈ ਬਚਿੱਤਰ ਸਿੰਘ ਤਰਸਿੱਕਾ, ਭਾਈ ਬਿਕਰਮਜੀਤ ਸਿੰਘ ਨਰੈਣਗੜ੍ਹ ,ਭਾਈ ਪ੍ਰਤਾਪ ਸਿੰਘ ਨਰੈਣਗੜ੍ਹ, ਬਾਪੂ ਜੱਸਾ ਸਿੰਘ, ਹਜੂਰੀ ਰਾਗੀ ਭਾਈ ਹਰਪ੍ਰੀਤ ਸਿੰਘ ਨਾਨਕਸਰ ਜੰਡਿਆਲਾ ਗੁਰੂ ਆਦਿ ਵੱਲੋਂ ਸੰਗਤਾਂ ਨੂੰ ਯਾਤਰਾ ਚ ਸਾਮਲ ਹੋਣ ਲਈ ਖਾਸ ਬੇਨਤੀ ਕੀਤੀ ਗਈ।

# 15 ਲੋਕਾਂ ਦੀ ਕ.ਤਲ ਸਾਜਿਸ਼ ਦਾ ਦੋਸ਼ ਸਰਾਸਰ ਝੂਠ, ਅੰਮ੍ਰਿਤਪਾਲ ਨੂੰ ਬਦਨਾਮ ਕਰਨ ਦੀ ਘਟੀਆ ਕੋਸ਼ਿਸ਼ : ਤਰਨਦੀਪ ਸਿੰਘ

## ਅਦਾਲਤਾਂ ਸਰਕਾਰ ਦੀਆਂ ਝੂਠੀਆਂ ਦਲੀਲਾਂ ਨੂੰ ਅਧਾਰ ਨਾਂ ਬਣਾਕੇ ਇਨਸਾਫ਼ ਕਰਨ ਨੂੰ ਤਰਜੀਹ ਦੇਣ



**ਅਨੰਦਪੁਰ ਸਾਹਿਬ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰ ਤਰਨਦੀਪ ਸਿੰਘ ਅਨੰਦਪੁਰ ਸਾਹਿਬ ਸਮਰਥੱਕ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭੇਜੇ ਗਏ ਪ੍ਰੈਸ ਨੋਟ ਵਿੱਚ ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਈਕੋਰਟ ਵਿੱਚ 5000 ਸਫ਼ਿਆਂ ਦੀ ਇਕ “ਪੋਲਿਟਿਕਲ ਚਾਰਜਸ਼ੀਟ” ਦਾਇਰ ਕੀਤੀ ਗਈ ਹੈ, ਜਿਸ ਵਿੱਚ ਇਹ ਤੱਕ ਲਿਖਿਆ ਗਿਆ ਹੈ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਜੇਲ੍ਹ ਵਿੱਚ ਰਹਿੰਦੇ ਹੋਏ 15 ਲੋਕਾਂ ਦੀ ਹੱਤਿਆ ਦੀ ਸਾਜ਼ਿਸ਼ ਰਚਣ ਦੀ ਜਾਣਕਾਰੀ ਮਿਲੀ ਹੈ। ਇਹ ਦੋਸ਼ ਇੰਨਾ ਝੂਠਾ, ਬੇਤੁੱਕਾ ਅਤੇ ਬੇਹੂਦਾ ਹੈ ਕਿ ਇਸ ਨੇ ਸਰਕਾਰ ਦੀ ਨੀਅਤ ਨੂੰ ਪੂਰੀ ਤਰ੍ਹਾਂ ਨੰਗਾ ਕਰ ਦਿੱਤਾ ਹੈ। ਜੇਲਾਂ ਦਾ ਪੂਰਾ ਕੰਟਰੋਲ ਸਰਕਾਰ ਦੇ ਹੱਥ ਵਿੱਚ ਹੁੰਦਾ ਹੈ ਕੈਮਰੇ, ਨਿਗਰਾਨੀ, ਸਟਾਫ਼ ਹਰ ਚੀਜ਼ ਰਾਜ ਦੇ ਕਬਜ਼ੇ ਵਿੱਚ। ਫਿਰ ਇਹ “ਸਾਜ਼ਿਸ਼” ਕਿਵੇਂ ਚੱਲ ਸਕਦੀ ਸੀ। ਜੇ ਚੱਲਦੀ, ਤਾਂ ਸਿੱਧੀ ਜ਼ਿੰਮੇਵਾਰੀ ਵੀ ਸਰਕਾਰ ਦੀ ਹੀ ਬਣਦੀ। ਇਹ ਦੋਸ਼ ਕੇਵਲ ਅੰਮ੍ਰਿਤਪਾਲ ਸਿੰਘ ਦੀ ਛਵੀ ਖਰਾਬ ਕਰਨ ਅਤੇ ਪੈਰੋਲ ਨਾਂ ਦੇਣ ਦੇ ਫੈਸਲੇ ਨੂੰ ਜਾਇਜ਼ ਬਣਾਉਣ ਦੀ ਨਾਕਾਮ ਕੋਸ਼ਿਸ਼ ਹੈ। ਇਹ ਬਿਆਨ ਸਰਕਾਰ ਦੇ ਡਰ, ਘਬਰਾਹਟ ਅਤੇ ਸੱਚਾਈ ਤੋਂ ਖੌਫ਼ ਨੂੰ ਬੇਨਕਾਬ ਕਰਦਾ ਹੈ ਕਿਉਂਕਿ ਕਾਨੂੰਨੀ ਤੌਰ ‘ਤੇ ਉਹਨਾਂ ਕੋਲ ਅੰਮ੍ਰਿਤਪਾਲ ਨੂੰ ਰੋਕਣ ਲਈ ਇਕ ਵੀ ਪੱਕਾ ਤਰਕ ਨਹੀਂ, ਦੂਜੇ ਪਾਸੇ, ਹਾਈਕੋਰਟ ਵੱਲੋਂ ਪੈਰੋਲ ਪਟੀਸ਼ਨ ਦੀ ਸੁਣਵਾਈ 15 ਤਰੀਕ ਲਈ ਟਾਲ ਦਿੱਤੀ ਗਈ ਹੈ, ਜਦੋਂ ਕਿ ਸਰਦ ਰੁੱਤ ਦਾ ਸੰਸਦੀ ਸੈਸ਼ਨ 19 ਤਰੀਕ ਨੂੰ ਖਤਮ ਹੋ ਰਿਹਾ ਹੈ। ਇਸਦਾ ਸਿੱਧਾ ਮਤਲਬ ਹੈ ਕਿ ਇੱਕ ਚੁਣਿਆ ਹੋਇਆ ਸੰਸਦ ਮੈਂਬਰ ਆਪਣੇ ਲੋਕਤੰਤਰਿਕ ਹੱਕ ਸੰਸਦ ਵਿੱਚ ਬੋਲਣ ਦਾ ਅਧਿਕਾਰ ਤੋਂ ਵਾਂਝਾ ਕੀਤਾ ਜਾ ਰਿਹਾ ਹੈ। ਅਸੀਂ ਦੁੱਖ ਨਾਲ ਪੁੱਛਣਾ ਚਾਹੁੰਦੇ ਹਾਂ ਕਿ ਜੇ ਅਦਾਲਤਾਂ ਵੀ ਸਰਕਾਰਾਂ ਦੇ ਪੱਖਪਾਤੀ, ਬਿਨਾਂ ਸਬੂਤਾਂ ਵਾਲੇ ਜਵਾਬਾਂ ਨੂੰ ਹੀ ਆਧਾਰ ਬਣਾ ਕੇ ਸੁਣਵਾਈ ਲੰਮੀ ਕਰਦੀਆਂ ਰਹਿਣ, ਤਾਂ ਫਿਰ ਨਿਆਂ ਦੀ ਸੁਰੱਖਿਆ ਕੌਣ ਕਰੇਗਾ। ਲੋਕਤੰਤਰ ਦਾ ਕਿੱਥੇ ਰਹਿ ਜਾਵੇਗਾ। ਜੇ ਇਹੀ ਤਰੀਕਾ ਚੱਲਣਾ ਹੈ ਤਾਂ ਅਦਾਲਤਾਂ ਦਾ ਕੀ ਫ਼ਾਇਦਾ, ਸਿੱਧਾ ਸਰਕਾਰਾਂ ਨੂੰ ਹੀ ਸਾਰੀਆਂ ਤਾਕਤਾਂ ਦੇ ਦਿਓ ! ਇਹ ਸਥਿਤੀ ਲੋਕਤੰਤਰ ਲਈ ਖਤਰਨਾਕ ਹੈ ਅਤੇ ਸਾਨੂੰ ਇਸ ਗੱਲ ਦਾ ਡੂੰਘਾ ਅਫ਼ਸੋਸ ਹੈ ਕਿ ਨਿਆਂ ਪ੍ਰਣਾਲੀ ‘ਤੇ ਸਰਕਾਰੀ ਸ਼ਮੂਲੀਅਤ ਦਾ ਸਾਫ਼-ਸਾਫ਼ ਅਸਰ ਦਿਖਾਈ ਦੇ ਰਿਹਾ ਹੈ ਜੋਕਿ ਦੇਸ਼ ਦੇ ਭਵਿੱਖ ਦੀ ਬਰਬਾਦੀ ਦੀ ਤਸਵੀਰ ਨੂੰ ਉਭਾਰਦਾ ਹੈ।

# ਡੈਂਗੂ ਤੇ ਵਾਰ ਹਰ ਸ਼ੁਕਰਵਾਰ-ਐਸ ਆਈ ਅਸ਼ੋਂਕ ਕੁਮਾਰ

ਧੂਰੀ( ਰਣਜੀਤ ਸਿੰਘ ਪੇਧਨੀ) ਸਿਵਲ ਸਰਜਨ ਸੰਗਰੂਰ ਡਾਕਟਰ ਅਮਰਜੀਤ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਅਤੇ ਜਿਲਾਂ ਐਪੀਡੀਮੋਲੋਜਿਸਟ ਡਾਕਟਰ ਰਮਨਦੀਪ ਕੌਰ ਜੀ ਅਤੇ ਐਸ ਐਮ ਓ ਜਸਦੀਪ ਸਿੰਘ ਜੀ ਦੀ ਯੋਗ ਅਗਵਾਈ ਅਤੇ ਅਸ਼ੋਂਕ ਕੁਮਾਰ ਐਸ ਆਈ ਅਤੇ ਗੁਰਜੰਟ ਸਿੰਘ ਐਸ ਆਈ ਦੀ ਸੁਪਰਵੀਜਨ ਵਿੱਚ ਸੈਕਟਰ ਕਾਂਝਲਾ ਆਧੀਨ ਪਿੰਡ ਹਕੀਮਾਂ ਦੇ ਸਰਕਾਰੀ ਦਫਤਰਾਂ ਅਤੇ ਪਰਾਈਵੇਟ ਦਫਤਰਾਂ ਅਤੇ ਫੈਕਟਰੀਆਂ ਵਿਖੇ ਡ੍ਰਾਈ ਡੇ ਐਕਟੀਵਿਟੀ ਕੀਤੀ ਗਈ। ਜਿਸ ਦੌਰਾਨ ਅਸ਼ੋਂਕ ਕੁਮਾਰ ਅਤੇ ਗੁਰਜੰਟ ਸਿੰਘ ਐਸ ਆਈ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਚਿਕਨਗੁਨੀਆ ਅਤੇ ਡੈਂਗੂ ਇੱਕ ਵਾਇਰਲ ਬੁਖਾਰ ਹੈ ਜੋ ਏਡੀਜ ਅਜਿਪਟੀ ਨਾਮ ਦੇ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਇਹ ਮੱਛਰ ਹਮੇਸ਼ਾ ਸਾਫ਼ ਅਤੇ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ।ਇਹ ਮੱਛਰ ਕੂਲਰ ਦੇ ਪਾਣੀ ਵਿੱਚ ਅਤੇ ਫਰਿੱਜਾਂ ਪਿੱਛੇ ਲੱਗੀਆਂ ਟਰੇਆਂ,ਗਮਲਿਆਂ,ਕੰਨਟੇਨਰਾ,ਖੈਲਾ ਛੱਤ ਤੇ ਪਏ ਕਬਾੜ ਟਾਇਰਾਂ ਆਦਿ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਇਸ ਲਈ ਸਾਨੂੰ ਇੱਕ ਹਫਤੇ ਤੋਂ ਪਹਿਲਾਂ ਪਹਿਲਾਂ ਇਹਨਾਂ ਬਰਤਨਾਂ ਵਿੱਚਲਾ ਪਾਣੀ ਬਦਲ ਦੇਣਾ ਚਾਹੀਦਾ ਹੈ ਅਤੇ ਬਰਤਨਾਂ ਨੂੰ ਪੂਰੀ ਤਰ੍ਹਾਂ ਸਾਫ਼ ਕਰ ਕੇ ਚੰਗੀ ਤਰ੍ਹਾਂ ਸੁੱਕਾ ਕੇ ਫਿਰ ਪਾਣੀ ਪਾਇਆ ਜਾਵੇ ਇਹ ਮੱਛਰ ਸਵੇਰੇ ਸ਼ਾਮ ਕੱਟਦਾ ਹੈ ਇਸ ਲਈ ਸਵੇਰੇ ਸ਼ਾਮ ਪੂਰੇ ਕੱਪੜੇ ਪਹਿਨਣੇ ਚਾਹੀਦੇ ਹਨ ਜੇ ਕਰ ਕਿਸੇ ਵਿਆਕਤੀ ਨੂੰ ਤੇਜ਼ ਸਿਰ ਦਰਦ ਅਤੇ ਤੇਜ਼ ਬੁਖਾਰ,ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ,ਮਾਸ ਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ,ਜੀ ਕੱਚਾ ਹੋਣਾ ਅਤੇ ਉਲਟੀਆਂ,ਹਾਲਤ ਖ਼ਰਾਬ ਹੋਣ ਤੇ ਨੱਕ,ਮੂੰਹ ਅਤੇ ਮਸੂੜਿਆਂ ਵਿੱਚੋਂ ਖ਼ੂਨ ਵੱਗਣਾ ਆਦਿ ਤਾਂ ਸਾਨੂੰ ਡੈਂਗੂ ਹੋਣ ਦੀਆਂ ਸੰਭਾਨਾਵਾਂ ਹੋ ਸਕਦੀਆਂ ਹਨ ਇਹਨਾਂ ਹਾਲਤਾਂ ਵਿੱਚ ਮਰੀਜ਼ ਨੂੰ ਵੱਧ ਤੋਂ ਵੱਧ ਤਰਲ ਪਦਾਰਥ ਦੇਣੇ ਚਾਹੀਦੇ ਹਨ ਅਤੇ ਮਰੀਜ਼ ਨੂੰ ਵੱਧ ਤੋਂ ਵੱਧ ਆਰਾਮ ਕਰਨਾ ਚਾਹੀਦਾ ਹੈ ਅਤੇ ਮਰੀਜ ਦੇ ਖਾਣਾ ਹਲਕਾ ਦੇਣਾ ਚਾਹੀਦਾ ਹੈ ਜੇ ਕਰ ਮਰੀਜ਼ ਦੀ ਹਾਲਤ ਖ਼ਰਾਬ ਲੱਗੇ ਤਾਂ ਮਰੀਜ਼ ਨੂੰ ਨੇੜੇ ਦੇ ਸਿਹਤ ਕੇਂਦਰ ਨਾਲ ਸੰਪਰਕ ਕਰਨਾ ਚਾਹੁੰਦਾ ਹੈ ।ਸਾਰੇ ਸਰਕਾਰੀ ਹਸਪਤਾਲਾਂ ਵਿੱਚ ਡੈਂਗੂ ਅਤੇ ਚਿਕਨਗੁਨੀਆ ਦਾ ਟੈਸਟ ਅਤੇ ਇਲਾਜ ਬਿਲਕੁਲ ਮੁਫ਼ਤ ਕੀਤਾ ਜਾਂਦਾ ਹੈ । ਟੀਮ ਮੈਂਬਰ ਗੁਰਵਿੰਦਰ ਸਿੰਘ ਮ,ਪ,ਹ,ਵ (ਮ)ਅਤੇ ਕਿਰਨਪਾਲ ਕੌਰ ਮ, ਪ,ਹ,ਵ(ਫੀਮੇਲ)ਅਤੇ ਆਸਾ ਸੁਪਰਵਾਈਜਰ ਜਸਵਿੰਦਰ ਕੌਰ ਹਾਜ਼ਰ ਸਨ ।

# ਡੋਮੀਨੋਜ਼ ਏਜੰਸੀ ਦਿਵਾਉਣ ਦੇ ਨਾਮ ਪਰ ਸਾਈਬਰ ਧੋਖਾਧੜੀ ਕਰਨ ਵਾਲਾ ਦੋਸ਼ੀ ਬਿਹਾਰ ਤੋਂ ਕਾਬੂ

**ਲੁਧਿਆਣਾ, 12 ਦਸੰਬਰ ( ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਪੁਲਿਸ ਕਮਿਸ਼ਨਰ ਸਵੱਪਨ ਸ਼ਰਮਾ,ਆਈ.ਪੀ.ਐਸ. ਦੇ ਦਿਸ਼ਾ ਨਿਰਦੇਸ਼ਾਂ ‘ਤੇ ਡਿਪਟੀ ਕਮਿਸ਼ਨਰ ਪੁਲਿਸ ਸ਼੍ਰੀ ਹਰਪਾਲ ਸਿੰਘ ਪੀ.ਪੀ.ਐਸ. ਜੀ ਦੀ ਨਿਗਰਾਨੀ ਹੇਠ ਸਾਈਬਰ ਠੱਗਾਂ ਖਿਲ਼ਾਫ ਛੇੜੀ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਸ਼੍ਰੀ ਵੈਭਵ ਸਹਿਗਲ ਪੀ.ਪੀ.ਐਸ., ਵਧੀਕ ਡਿਪਟੀ ਕਮਿਸ਼ਨਰ ਪੁਲਿਸ, ਸਥਾਨਕ, ਲੁਧਿਆਣਾ ਅਤੇ ਸ਼੍ਰੀ ਮੁਰਾਦ ਜਸਵੀਰ ਸਿੰਘ ਗਿੱਲ ਪੀ.ਪੀ.ਐਸ. ਸਹਾਇਕ ਕਮਿਸ਼ਨਰ ਪੁਲਿਸ ਸਾਈਬਰ ਕ੍ਰਾਈਮ ਲੁਧਿਆਣਾ ਜੀ ਦੀ ਜੇਰੇ ਨਿਗਰਾਨੀ ਥਾਣਾ ਸਾਈਬਰ ਕ੍ਰਾਈਮ ਲੁਧਿਆਣਾ ਦੀ ਟੀਮ ਵੱਲੋਂ ਮੁੱਕਦਮਾ ਨੰਬਰ 2 ਮਿਤੀ 24-06-2024 ਅ/ਧ 419,420/120-ਬੀ,465,467,468,471 ਭ:ਦੰਡ ਥਾਣਾ ਸਾਈਬਰ ਕ੍ਰਾਈਮ ਲੁਧਿਆਣਾ ਦੇ ਦੋਸ਼ੀ ਨੂੰ ਗ੍ਰਿਫਤਾਰ ਕੀਤਾ। ਦੋਸ਼ੀ ਵੱਲੋਂ ਡੋਮੀਨੋਜ਼ ਦੀ ਏਜੰਸੀ ਦਿਵਾਉਣ ਦਾ ਝਾਂਸਾ ਦੇ ਕੇ ਮੁਦੱਈ ਮੁੱਕਦਮਾ ਪਾਸੋਂ ਕ੍ਰੀਬ 20 ਲੱਖ ਰੁਪਏ ਧੋਖੇ ਨਾਲ ਹਾਸਲ ਕੀਤੇ। ਇਸ ਵਿੱਚ ਕਮਿਸ਼ਨਰੇਟ ਲੁਧਿਆਣਾ ਦੇ ਸਾਈਬਰ ਕ੍ਰਾਈਮ ਥਾਣਾ ਨੂੰ ਮਿਤੀ 07-12-2025 ਨੂੰ ਮੁਕੱਦਮਾ ਦੇ ਦੋਸ਼ੀ ਨੂੰ ਬਿਹਾਰ ਤੋਂ ਗ੍ਰਿਫਤਾਰ ਕਰਕੇ ਵੱਡੀ ਸਫਲਤਾ ਮਿਲੀ ਹੈ। ਦੋਸ਼ੀ ਦਾ ਮਿਤੀ 14-12-2025 ਤੱਕ ਪੁਲਿਸ ਰਿਮਾਂਡ ਲਿਆ ਗਿਆ ਹੈ। ਜਿਸ ਪਾਸੋਂ ਹੋਰ ਵੀ ਖੁਲਾਸੇ ਕੀਤੇ ਜਾ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

**ਸਕੂਲਾਂ ਨੂੰ ਧਮਕਾਉਣਾ ਸਾਡੇ ਬੱਚਿਆਂ ਦੇ ਭਵਿੱਖ 'ਤੇ ਸਿੱਧਾ ਹਮਲਾ: ਪ੍ਰੋ. ਸਰਚਾਂਦ ਸਿੰਘ ਖਿਆਲਾ**

# ਪੰਜਾਬ ਸਰਕਾਰ ਵੱਲੋਂ ਕਾਨੂੰਨ ਵਿਵਸਥਾ 'ਤੇ ਕੰਟਰੋਲ ਗੁਆ ਦੇਣ ਨਾਲ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ



**ਅੰਮ੍ਰਿਤਸਰ, 12 ਦਸੰਬਰ (ਆਵਾਜ਼ਿ ਕੌਮ ਬਿਊਰੋ)**—ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਅੱਜ ਅੰਮ੍ਰਿਤਸਰ ਦੇ ਦੋ ਸਕੂਲਾਂ ਨੂੰ ਮਿਲੀਆਂ ਬੰਬ ਧਮਕੀ ਵਾਲੀਆਂ ਈਮੇਲਾਂ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਲਾਪਰਵਾਹੀ ਕਾਰਨ, ਸਮਾਜ-ਵਿਰੋਧੀ ਅਤੇ ਅੱਤਵਾਦੀ ਸੋਚ ਵਾਲੇ ਅਨਸਰਾਂ ਨੇ ਹੁਣ ਸਕੂਲ ਇਮਾਰਤਾਂ ਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ ਹੈ, ਜੋ ਸਿੱਖਿਆ ਅਤੇ ਸੰਸਕਾਰਾਂ ਦੇ ਮੰਦਰ ਹਨ, ਜਿੱਥੇ ਮਾਸੂਮ ਬੱਚੇ ਵਿਦਿਆ ਗ੍ਰਹਿਣ ਕਰਦੇ ਹਨ ਅਤੇ ਦੇਸ਼ ਦਾ ਭਵਿੱਖ ਘੜਿਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਲਗਭਗ ਹਰ ਰੋਜ਼ ਡਰ ਅਤੇ ਦਹਿਸ਼ਤ ਦੀ ਇੱਕ ਨਵੀਂ ਘਟਨਾ ਸਾਹਮਣੇ ਆਉਂਦੀ ਹੈ, ਗੋਲੀਬਾਰੀ ਦੀਆਂ ਘਟਨਾਵਾਂ ਤੋਂ ਲੈ ਕੇ ਗੈਂਗਸਟਰ ਗਤੀਵਿਧੀਆਂ, ਨਸ਼ੀਲੇ ਪਦਾਰਥਾਂ ਦੀ ਤਸਕਰੀ, ਸ੍ਰੀ ਦਰਬਾਰ ਸਾਹਿਬ ਨੂੰ ਧਮਕੀਆਂ ਅਤੇ ਹੁਣ ਸਕੂਲਾਂ ਨੂੰ ਬੰਬ ਧਮਾਕਿਆਂ ਦੀਆਂ ਧਮਕੀਆਂ ਘਟਨਾਵਾਂ ਸਪੱਸ਼ਟ ਤੌਰ 'ਤੇ ਪੰਜਾਬ ਸਰਕਾਰ ਦੀ ਕਮਜ਼ੋਰ ਕਾਰਗੁਜ਼ਾਰੀ ਅਤੇ ਬੇਵਸੀ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਕਾਨੂੰਨ-ਵਿਵਸਥਾ 'ਤੇ ਆਪਣੀ ਪਕੜ ਪੂਰੀ ਤਰ੍ਹਾਂ ਗੁਆ ਚੁੱਕੀ ਹੈ, ਅਤੇ ਸਮਾਜ-ਵਿਰੋਧੀ ਅਨਸਰ ਨਿਡਰ ਹੋ ਗਏ ਹਨ ਕਿਉਂਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਸੂਬੇ ਵਿੱਚ ਕਾਨੂੰਨ-ਵਿਵਸਥਾ ਦਾ ਅਸਲ ਕੰਟਰੋਲ ਕਿਤੇ ਨਹੀਂ ਬਚਿਆ। ਪ੍ਰੋ. ਖਿਆਲਾ ਨੇ ਕਿਹਾ ਕਿ ਸਭ ਤੋਂ ਦੁਖਦਾਈ ਅਤੇ ਖ਼ਤਰਨਾਕ ਗੱਲ ਇਹ ਹੈ ਕਿ ਸਮਾਜ ਵਿਰੋਧੀ ਅਨਸਰਾਂ ਦੀਆਂ ਨਜ਼ਰਾਂ ਹੁਣ ਸਿੱਧੇ ਤੌਰ 'ਤੇ ਵਿੱਦਿਅਕ ਸੰਸਥਾਵਾਂ ਅਤੇ ਸਕੂਲ ਕੈਂਪਸਾਂ ਤੱਕ ਪਹੁੰਚ ਗਈਆਂ ਹਨ। ਮਾਸੂਮ ਬੱਚੇ ਅਜਿਹੇ ਖ਼ਤਰਿਆਂ ਅਤੇ ਡਰ ਦੇ ਮਾਹੌਲ ਵਿੱਚ ਸ਼ਾਂਤੀ ਨਾਲ ਕਿਵੇਂ ਪੜ੍ਹਾਈ ਕਰਨਗੇ? ਬੱਚਿਆਂ ਵਿੱਚ ਅਸੁਰੱਖਿਆ, ਮਨੋਵਿਗਿਆਨਕ ਤਣਾਅ ਅਤੇ ਡਰ ਦੀ ਵਧਦੀ ਭਾਵਨਾ ਨਾ ਸਿਰਫ਼ ਉਨ੍ਹਾਂ ਦੀ ਪੜ੍ਹਾਈ ਨੂੰ ਪ੍ਰਭਾਵਿਤ ਕਰੇਗੀ ਬਲਕਿ ਸਮਾਜ ਅਤੇ ਦੇਸ਼ ਦੇ ਭਵਿੱਖ ਲਈ ਇੱਕ ਗੰਭੀਰ ਚੇਤਾਵਨੀ ਹੈ। ਉਨ੍ਹਾਂ ਅੱਗੇ ਕਿਹਾ ਕਿ ਬੱਚਿਆਂ ਨੂੰ ਡਰ ਅਤੇ ਦਹਿਸ਼ਤ ਦੇ ਮਾਹੌਲ ਵਿੱਚ ਪੜ੍ਹਨ ਲਈ ਛੱਡਣਾ ਸਾਡੇ ਸਮਾਜ ਅਤੇ ਸਾਡੀ ਸਾਂਝੀ ਸਮਾਜਿਕ ਸਦਭਾਵਨਾ ਦੀ ਸਭ ਤੋਂ ਵੱਡੀ ਅਸਫਲਤਾ ਹੋਵੇਗੀ। ਪ੍ਰੋ. ਖਿਆਲਾ ਨੇ ਕਿਹਾ ਕਿ ਸੀਨੀਅਰ ਸਟੱਡੀ (ਪੁਤਲੀਘਰ) ਅਤੇ ਦਿੱਲੀ ਪਬਲਿਕ ਸਕੂਲ (ਮਾਨਾਂਵਾਲਾ) ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣਾ ਕੇਵਲ ਸ਼ਰਾਰਤ ਨਹੀਂ, ਸਗੋਂ ਇੱਕ ਅਮਾਨਵੀ, ਬੇਹਿਸ, ਅਤੇ ਦਹਿਸ਼ਤਗਰਦੀ ਸੋਚ ਨੂੰ ਦਰਸਾਉਂਦਾ ਹੈ। ਜਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਪ੍ਰੋ. ਖਿਆਲਾ ਨੇ ਕਿਹਾ ਕਿ ਭਾਜਪਾ ਅਤੇ ਕੇਂਦਰ ਸਰਕਾਰ ਨੇ ਹਮੇਸ਼ਾ ਅੱਤਵਾਦ ਵਿਰੁੱਧ "ਜ਼ੀਰੋ ਟਾਲਰੈਂਸ" ਨੀਤੀ ਦੀ ਪਾਲਣਾ ਕੀਤੀ ਹੈ, ਅਤੇ ਹੁਣ ਪੰਜਾਬ ਸਰਕਾਰ ਅਤੇ ਪੰਜਾਬ ਪੁਲਿਸ ਲਈ ਇਨ੍ਹਾਂ ਘਟਨਾਵਾਂ ਨਾਲ ਉਸੇ ਗੰਭੀਰਤਾ ਨਾਲ ਨਜਿੱਠਣਾ ਜ਼ਰੂਰੀ ਹੈ। ਮਾਸੂਮ ਬੱਚਿਆਂ ਅਤੇ ਵਿੱਦਿਅਕ ਸੰਸਥਾਵਾਂ ਨੂੰ ਧਮਕੀਆਂ ਦੇਣ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ। ਇਨ੍ਹਾਂ ਨੂੰ ਸਖ਼ਤ ਤੋਂ ਸਖ਼ਤ ਕਾਰਵਾਈ ਨਾਲ ਉਖਾੜ ਸੁੱਟਣਾ ਚਾਹੀਦਾ ਹੈ। ਪ੍ਰੋ. ਖਿਆਲਾ ਨੇ ਅੱਗੇ ਕਿਹਾ ਕਿ ਪੰਜਾਬ, ਇੱਕ ਸਰਹੱਦੀ ਸੂਬਾ ਹੋਣ ਕਰਕੇ, ਹਮੇਸ਼ਾ ਪਾਕਿਸਤਾਨ ਦੀਆਂ ਖ਼ੁਫ਼ੀਆ ਏਜੰਸੀਆਂ ਅਤੇ ਇਸ ਦੇ ਅੱਤਵਾਦੀ ਏਜੰਡੇ ਦਾ ਮੁੱਖ ਨਿਸ਼ਾਨਾ ਰਿਹਾ ਹੈ। ਨਸ਼ੀਲੇ ਪਦਾਰਥਾਂ, ਹਥਿਆਰਾਂ ਅਤੇ ਵਿਸਫੋਟਕਾਂ ਨੂੰ ਲੈ ਕੇ ਜਾਣ ਵਾਲੇ ਡਰੋਨਾਂ ਦੀਆਂ ਘਟਨਾਵਾਂ ਸਭ ਜਾਣਦੇ ਹਨ। ਪਾਕਿਸਤਾਨ ਦਾ ਅਸਲ ਮਕਸਦ ਪੰਜਾਬ ਨੂੰ ਅਸਥਿਰ ਕਰਨਾ ਅਤੇ ਭਾਰਤ ਦੀ ਸਾਂਝ ਨੂੰ ਨੁਕਸਾਨ ਪਹੁੰਚਾਉਣਾ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਸਾਡੇ ਬੱਚੇ, ਸਾਡੇ ਧਾਰਮਿਕ ਅਦਾਰੇ ਅਤੇ ਸਾਡਾ ਪੰਜਾਬੀ ਸਮਾਜਿਕ ਤਾਣਾ-ਬਾਣਾ ਸਾਡੀਆਂ ਜੜ੍ਹਾਂ ਹਨ। ਉਨ੍ਹਾਂ ਨੂੰ ਧਮਕੀਆਂ ਦੇਣਾ ਸਿਰਫ਼ ਕਿਸੇ ਸੰਸਥਾ 'ਤੇ ਹਮਲਾ ਨਹੀਂ ਹੈ, ਸਗੋਂ ਸਮੁੱਚੀ ਪੰਜਾਬੀ ਪਛਾਣ ਲਈ ਸਿੱਧੀ ਚੁਣੌਤੀ ਹੈ। ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੁਲਿਸ ਦੀ ਕਾਰਗੁਜ਼ਾਰੀ ਬੇਹੱਦ ਚਿੰਤਾ-ਜਨਕ ਹੈ। ਇੱਥੇ ਨਾਂ ਹੀ ਇੰਟੈਲੀਜੈਂਸ ਦੀ ਗ੍ਰਿਫ਼ਤ ਦਿਖਾਈ ਦਿੰਦੀ ਹੈ ਅਤੇ ਨਾਂ ਹੀ ਦ੍ਰਿੜ੍ਹਤਾ। ਉਨ੍ਹਾਂ ਪੰਜਾਬ ਪੁਲਿਸ ਸਾਈਬਰ ਸੈੱਲ ਨੂੰ ਈਮੇਲਾਂ ਦੇ ਸਰੋਤ ਦਾ ਤੁਰੰਤ ਪਤਾ ਲਗਾਉਣ, ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ, ਧਮਕੀਆਂ ਦੇਣ ਵਾਲਿਆਂ 'ਤੇ ਯੂਏਪੀਏ ਜਾਂ ਹੋਰ ਸਖ਼ਤ ਕਾਨੂੰਨ ਲਾਗੂ ਕਰਨ, ਅੱਤਵਾਦ ਫੈਲਾਉਣ ਦੀ ਸਾਜ਼ਿਸ਼ ਨੂੰ ਰੋਕਣ ਅਤੇ ਪੰਜਾਬ ਸਰਕਾਰ ਅਤੇ ਕੇਂਦਰੀ ਸੁਰੱਖਿਆ ਏਜੰਸੀਆਂ ਵਿਚਕਾਰ ਤਾਲਮੇਲ ਵਾਲੀ ਕਾਰਵਾਈ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ। ਪ੍ਰੋ. ਖਿਆਲਾ ਨੇ ਕਿਹਾ ਕਿ ਬੱਚਿਆਂ ਦੀ ਸੁਰੱਖਿਆ, ਸ਼ਾਂਤੀ ਅਤੇ ਸਮਾਜਿਕ ਸਦਭਾਵਨਾ ਨੂੰ ਯਕੀਨੀ ਬਣਾਉਣਾ ਇੱਕ ਸਮੂਹਿਕ ਜ਼ਿੰਮੇਵਾਰੀ ਹੈ। ਉਨ੍ਹਾਂ ਮਾਪਿਆਂ, ਅਧਿਆਪਕਾਂ ਅਤੇ ਪੰਜਾਬ ਦੇ ਸਾਰੇ ਨਾਗਰਿਕਾਂ ਨੂੰ ਭਰੋਸਾ ਦਿਵਾਇਆ ਕਿ ਭਾਜਪਾ ਅਤੇ ਕੇਂਦਰ ਸਰਕਾਰ ਪੰਜਾਬ ਦੇ ਲੋਕਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੈ, ਅਤੇ ਸ਼ਾਂਤੀ ਭੰਗ ਕਰਨ ਦੀ ਕੋਸ਼ਿਸ਼ ਕਰਨ ਵਾਲੇ ਹਰ ਤੱਤ ਨੂੰ ਸਖ਼ਤ ਕਾਨੂੰਨੀ ਕਾਰਵਾਈ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਅਤੇ ਗ੍ਰਹਿ ਮੰਤਰਾਲੇ ਸੀਬੀਆਈ/ਐਨਆਈਏ ਦੁਆਰਾ ਮਾਮਲੇ ਦੀ ਪੂਰੀ ਜਾਂਚ ਦਾ ਹੁਕਮ ਦੇਣ । ਉਨ੍ਹਾਂ ਸਿੱਖਿਆ ਅਤੇ ਧਾਰਮਿਕ ਸੰਸਥਾਵਾਂ ਦੀ ਸੁਰੱਖਿਆ ਲਈ ਇੱਕ ਵਿਸ਼ੇਸ਼ ਕੇਂਦਰੀ ਪੱਧਰੀ ਵਿਧੀ ਬਣਾਉਣ 'ਤੇ ਵੀ ਜ਼ੋਰ ਦਿੱਤਾ।

# ਦਸ਼ਮੇਸ਼ ਵਿਦਿਅਕ ਸੰਸਥਾਵਾਂ ਵਿਖੇ ਚਾਰ ਰੋਜ਼ਾ ਖੇਡ ਸਮਾਗਮ ਤੇ ਇਨਾਮ ਵੰਡ ਸਮਾਰੋਹ



ਚੌਕ ਮਹਿਤਾ, 12 ਦਸੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)-ਦਸ਼ਮੇਸ਼ ਵਿਦਿਅਕ ਸੰਸਥਾਵਾਂ ਵਿਖੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾਂ ਸ਼ਹੀਦੀ ਦਿਹਾੜੇ , ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾਂ ਗੁਰਤਾ ਗੱਦੀ , ਮਾਤਾ ਗੁਜਰ ਕੌਰ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਚਾਰ ਰੋਜ਼ਾ ਸਾਲਾਨਾ ਖੇਡਾਂ ਅਤੇ ਇਨਾਮ ਵੰਡ ਸਮਾਰੋਹ ਕਰਵਾਏ ਗਏ। ਇਸ ਸਮਾਗਮ ਵਿੱਚ ਸ਼੍ਰੀ ਹਰੀਸ਼ ਬਹਿਲ ਡੀ.ਐਸ.ਪੀ ਸ਼੍ਰੀ ਹਰਗੋਬਿੰਦਪੁਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸੰਸਥਾ ਦੇ ਚੇਅਰਮੈਨ ਸਰਦਾਰ ਗੁਰਦੀਪ ਸਿੰਘ ਰੰਧਾਵਾ ਅਤੇ ਮੈਨੇਜਿੰਗ ਡਾਇਰੈਕਟਰ ਹਰਸ਼ਦੀਪ ਸਿੰਘ ਰੰਧਾਵਾ ਨੇ ਉਹਨਾਂ ਦਾ ਨਿੱਘਾ ਸਵਾਗਤ ਕੀਤਾ। ਸਮਾਗਮ ਦਾ ਸ਼ੁਭ ਆਰੰਭ ਸ਼ਮਾ ਰੋਸ਼ਨ ਕਰਕੇ ਕੀਤਾ ਗਿਆ । ਇਸ ਮੌਕੇ ਬੱਚਿਆਂ ਦੀ ਹੌਸਲਾ ਅਫਜ਼ਾਈ ਕਰਨ ਲਈ ਬੱਚਿਆਂ ਦੇ ਮਾਪੇ ਵੀ ਵਿਸ਼ੇਸ਼ ਤੌਰ ਤੇ ਸੰਸਥਾ ਵਿਖੇ ਪਹੁੰਚੇ। ਸਮਾਗਮ ਦੀ ਆਰੰਭਤਾ ਬਿਆਸ ਹਾਊਸ ਦੇ ਬੱਚਿਆਂ ਵੱਲੋਂ 350 ਬਣਾ ਕੇ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਦੇ ਸ਼ਬਦਾਂ ਦਾ ਰਸ ਭਿੰਨਾਂ ਕੀਰਤਨ ਕਰਕੇ ਕੀਤੀ ਗਈ। ਵਿਦਿਆਰਥੀਆਂ ਨੇ ਜੂਨੀਅਰ ,ਸੀਨੀਅਰ 100 ਮੀਟਰ, 200 ਮੀਟਰ ,400 ਮੀਟਰ ਸੀਨੀਅਰ ਵਿਦਿਆਰਥੀਆਂ ਨੇ ਰੱਸਾ ਕੱਸੀ, ਸਲੋ ਸਾਈਕਲਿੰਗ ਖੇਡਾਂ ਵਿੱਚ ਭਾਗ ਲਿਆ। ਸਕੂਲ ਦੇ ਤਿੰਨਾਂ ਹਾਊਸਾਂ ਵੱਲੋਂ ਪਹਿਲੇ ਦਿਨ ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਨਾਲ ਸੰਬੰਧਿਤ ਕੋਰੀਓਗ੍ਰਾਫੀਆਂ ਵੀ ਪੇਸ਼ ਕੀਤੀਆਂ ਗਈਆਂ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਖੇਡ ਸਮਾਗਮ ਦੀ ਆਰੰਭਤਾ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਖੇਡਾਂ ਦੀ ਮਹੱਤਤਾ ਸਮਝਾਉਂਦੇ ਹੋਏ ਵੱਧ ਚੜ ਕੇ ਖੇਡਾਂ ਵਿੱਚ ਭਾਗ ਲੈਣ ਲਈ ਕਿਹਾ ਗਿਆ ।ਇਸ ਤੋਂ ਇਲਾਵਾਂ ਸੰਸਥਾ ਦੇ ਮੈਨੇਜਰ ਹਰਸ਼ਦੀਪ ਸਿੰਘ ਰੰਧਾਵਾ ਨੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਉਹਨਾਂ ਨੂੰ ਵਿਸ਼ੇਸ਼ ਸਨਮਾਨ ਦਿੰਦਿਆਂ ਧੰਨਵਾਦ ਕੀਤਾ ਤੇ ਉਨਾਂ ਦੇ ਸਨਮਾਨ ਵਿੱਚ ਕਿਹਾ ਕਿ ਇਹਨਾਂ ਸ਼ਖਸ਼ੀਅਤਾਂ ਦੀ ਤਰ੍ਹਾਂ ਹੀ ਅਸੀਂ ਵੀ ਚਾਹੁੰਦੇ ਹਾਂ ਕਿ ਸਾਡੇ ਬੱਚੇ ਵੀ ਅੱਗੇ ਵਧਣ , ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰਾਂ ਉੱਤੇ ਜਾ ਕੇ ਸੰਸਥਾ ਦਾ ਸੂਬੇ ਦਾ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰਨ। ਉਹਨਾਂ ਨੇ ਚਾਰ ਰੋਜ਼ਾ ਖੇਡ ਸਮਾਗਮ ਦੌਰਾਨ ਸਮੇਂ ਸਮੇਂ ਸ਼੍ਰੀ ਗੁਰੂ ਤੇਗ ਬਹਾਦਰ ਜੀ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਯਾਦ ਕਰਦਿਆਂ ਬੱਚਿਆਂ ਨੂੰ ਉਹਨਾਂ ਵੱਲੋਂ ਦਿੱਤੀਆਂ ਸ਼ਹਾਦਤਾਂ ਨੂੰ ਹਮੇਸ਼ਾ ਦਿਲ ਵਿੱਚ ਵਸਾਉਣ ਲਈ ਕਿਹਾ ।ਸ਼੍ਰੀ ਹਰੀਸ਼ ਬਹਿਲ ਨੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਭਾਗ ਲੈਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ । ਉਨਾਂ ਨੇ ਵਿਦਿਆਰਥੀਆਂ ਨੂੰ ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ ਦੀ ਸਿੱਖਿਆ ਦਿੱਤੀ। ਇਸ ਖੇਡ ਸਮਾਰੋਹ ਮੌਕੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਮੈਨੇਜਰ ਸ: ਹਰਸ਼ਦੀਪ ਸਿੰਘ ਦੀ ,ਸ: ਅਵਤਾਰ ਸਿੰਘ ਬੁੱਟਰ, ਸ: ਤੇਜਬੀਰ ਸਿੰਘ ਸੋਹਲ, ਸ: ਕੁਲਬੀਰ ਸਿੰਘ ਮਾਨ, ਸ: ਗੁਰਦੀਪ ਸਿੰਘ ਜਲਾਲ ਉਸਮਾ, ਸ਼੍ਰੀ: ਜਤਿੰਦਰ ਸ਼ਰਮਾ, ਸ: ਕੁਲਵੰਤ ਸਿੰਘ ਕੋਹਾੜ, ਸ: ਅਮਨਪਾਲ ਸਿੰਘ, ਮੈਡਮ ਗੁਰਬੀਰ ਕੌਰ, ਮੈਡਮ ਹਰਪ੍ਰੀਤ ਕੌਰ, ਮੈਡਮ ਰੁਚੀਕਾ ਸ਼ਰਮਾ,ਕੈਪਟਨ ਜੋਗਿੰਦਰ ਸਿੰਘ ਤੇ ਹੋਰ ਨਾਂਮੀ ਸ਼ਖਸ਼ੀਅਤਾਂ ਮੌਜੂਦ ਸਨ।

# ਓਪਨ ਤਾਇਕਵਾਂਡੋ ਚੈਂਪਿਅਨਸ਼ਿਪ ਕਪ ਵਿੱਚ ਸੈਂਟ ਮੇਰੀਜ਼ ਸਕੂਲ ਦੇ ਸਟੀਵਨ ਦੀ ਚਮਕ, 29 ਕਿਲੋ ਭਾਰ ਵਰਗ ਵਿੱਚ ਜਿੱਤਿਆ ਸਿਲਵਰ ਮੈਡਲ




**ਮੱਲਾਂਵਾਲਾ/ਫਿਰੋਜ਼ਪੁਰ ਸੁਖਮੰਦਰ ਸ਼ਾਂਤ—** ਸ਼ੀਤਲਾ ਮਾਤਾ ਮੰਦਰ ਦੇ ਇੰਡੋਰ ਹਾਲ ਵਿੱਚ ਕਰਵਾਈ ਗਈ ਓਪਨ ਤਾਇਕਵਾਂਡੋ ਚੈਂਪਿਅਨਸ਼ਿਪ ਕਪ ਵਿੱਚ ਖੇਤਰ ਦੇ ਵੱਖ-ਵੱਖ ਸਕੂਲਾਂ ਅਤੇ ਅਕੈਡਮੀਆਂ ਦੇ 300 ਤੋਂ ਵੱਧ ਖਿਡਾਰੀਆਂ ਨੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ। ਇੱਕ ਦਿਨ ਚੱਲੇ ਇਸ ਮੁਕਾਬਲੇ ਵਿੱਚ ਨੌਜਵਾਨ ਖਿਡਾਰੀਆਂ ਨੇ ਤਾਇਕਵਾਂਡੋ ਦੀਆਂ ਵੱਖ-ਵੱਖ ਤਕਨੀਕਾਂ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ, ਜਿਸ ਨਾਲ ਮਾਹੌਲ ਦੌਰਾਨ ਦਰਸ਼ਕਾਂ ਵੱਲੋਂ ਜ਼ਬਰਦਸਤ ਤਾਲੀਆਂ ਵੱਜਦੀਆਂ ਰਹੀਆਂ।

ਇਸ ਚੈਂਪਿਅਨਸ਼ਿਪ ਕਪ ਵਿੱਚ St. Mary's School ਦੇ ਖਿਡਾਰੀ ਸਟੀਵਨ ਅਟਵਾਲ ਨੇ ਆਪਣੀ ਕਾਬਲਿਯਤ ਤੇ ਸਿਖਲਾਈ ਦੇ ਜੌਹਰ ਦਿਖਾਉਂਦੇ ਹੋਏ 29 ਕਿਲੋ ਭਾਰ ਵਰਗ ਵਿੱਚ ਸਿਲਵਰ ਮੈਡਲ ਹਾਸਲ ਕੀਤਾ। ਸਟੀਵਨ ਨੇ ਸ਼ੁਰੂਆਤੀ ਦੌਰ ਤੋਂ ਹੀ ਫੁਰਤੀ, ਸਟੀਕ ਹਮਲਿਆਂ ਅਤੇ ਰਣਨੀਤੀ ਨਾਲ ਵਿਰੋਧੀਆਂ ਨੂੰ ਮਜ਼ਬੂਤ ਚੁਣੌਤੀ ਦਿੱਤੀ। ਉਸਦੇ ਹਰ ਮੁਕਾਬਲੇ ਵਿੱਚ ਦਰਸ਼ਕਾਂ ਨੇ ਉਸ ਦੀ ਤਕਨੀਕ ਅਤੇ ਖੇਡ ਪ੍ਰਤੀ ਸਮਰਪਣ ਦੀ ਖ਼ੂਬ ਪ੍ਰਸ਼ੰਸਾ ਕੀਤੀ। ਫਾਈਨਲ ਦੌਰ ਤੱਕ ਪਹੁੰਚਣ ਲਈ ਸਟੀਵਨ ਨੇ ਦਮਦਾਰ ਮੁਕਾਬਲੇ ਕਰਦੇ ਹੋਏ ਆਪਣੇ ਆਪ ਨੂੰ ਪ੍ਰਮਾਣਿਤ ਕੀਤਾ ਅਤੇ ਅੰਤ ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਸਿਲਵਰ ਮੈਡਲ ਪ੍ਰਾਪਤ ਕੀਤਾ। ਸੈਂਟ ਮੇਰੀਜ਼ ਸਕੂਲ ਦੀ ਪ੍ਰਿੰਸੀਪਲ ਸਿਸਟਰ ਰਮਨੀ ਨੇ ਸਟੀਵਨ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਜਤਾਈ ਅਤੇ ਕਿਹਾ ਕਿ ਸਕੂਲ ਵਿਦਿਆਰਥੀਆਂ ਦੀਆਂ ਕਾਬਲਤਾਂ ਨੂੰ ਉਭਾਰਨ ਲਈ ਹਮੇਸ਼ਾ ਉਨ੍ਹਾਂ ਦਾ ਮਨੋਬਲ ਵਧਾਉਂਦਾ ਹੈ। ਉਹਨਾਂ ਕਿਹਾ ਕਿ ਸਟੀਵਨ ਵਰਗੇ ਮਿਹਨਤੀ ਅਤੇ ਅਨੁਸ਼ਾਸਿਤ ਵਿਦਿਆਰਥੀ ਸਕੂਲ ਦਾ ਨਾਮ ਰੌਸ਼ਨ ਕਰਦੇ ਹਨ। ਸਟੀਵਨ ਦੇ ਕੋਚ ਸੋਮ ਦੇਵ ਨੇ ਵੀ ਉਸਦੀ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਟੀਵਨ ਨਿੱਤ ਪ੍ਰਤੀ ਸਿਖਲਾਈ ਵਿੱਚ ਵਧ ਚੜ੍ਹ ਕੇ ਹਿੱਸਾ ਲੈਂਦਾ ਹੈ। ਉਹਨਾਂ ਕਿਹਾ ਕਿ ਉਸਦੇ ਅੰਦਰ ਅੱਗੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਤਾਇਕਵਾਂਡੋ ਖੇਡ ਵਿੱਚ ਕਾਮਯਾਬੀਆਂ ਪ੍ਰਾਪਤ ਕਰਨ ਦੀ ਪੂਰੀ ਸਮਰੱਥਾ ਹੈ। ਸਟੀਵਨ ਦੇ ਮਾਪਿਆਂ ਨੇ ਵੀ ਉਸਦੀ ਇਸ ਸਫਲਤਾ 'ਤੇ ਮਾਣ ਜਤਾਇਆ ਅਤੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਉਸਦਾ ਪੂਰਾ ਸਹਿਯੋਗ ਕਰਦੇ ਰਹਿਣਗੇ। ਸਕੂਲ ਦੇ ਅਧਿਆਪਕਾਂ, ਦੋਸਤਾਂ ਅਤੇ ਖੇਡ ਪ੍ਰੇਮੀਆਂ ਵੱਲੋਂ ਵੀ ਸਟੀਵਨ ਨੂੰ ਵਧਾਈਆਂ ਦਿੱਤੀਆਂ ਗਈਆਂ। ਇਸ ਚੈਂਪਿਅਨਸ਼ਿਪ ਕਪ ਨੇ ਇੱਕ ਵਾਰ ਫਿਰ ਇਹ ਸਾਬਤ ਕੀਤਾ ਕਿ ਜੇ ਨੌਜਵਾਨ ਮਿਹਨਤ, ਅਨੁਸ਼ਾਸਨ ਅਤੇ ਜਜ਼ਬੇ ਨਾਲ ਖੇਡ ਨੂੰ ਅਪਨਾਉਣ ਤਾਂ ਉਹ ਵੱਡੀਆਂ ਪ੍ਰਾਪਤੀਆਂ ਹਾਸਲ ਕਰ ਸਕਦੇ ਹਨ।





## ਜਨਮ ਦਿਨ ਮੁਬਾਰਕ

**ਨਵਜੋਤ ਕੌਰ**

ਪਿਤਾ : ਰਾਜਵਿੰਦਰ ਸਿੰਘ ਖਾਲਸਾ

ਮਾਤਾ : ਮੀਤਾ ਕੌਰ

ਵਾਸੀ : ਕਲਾਲ ਮਾਜਰਾ (ਬਰਨਾਲਾ)

ਪੱਤਰਕਾਰ ਕੁਲਵੰਤ ਸਿੰਘ ਵਿਰਦੀ

ਆਵਾਜ਼ਿ ਕੌਮ AWAZE QAUM International Newspaper & WEB TV